ਰੋਜ਼ਾਨਾ ਸੱਚ ਤੇ ਨਿਡਰ ਆਵਾਜ਼
# ਲੋਕ ਬਾਣੀ
ਐਤਵਾਰ, 17 ਅਪ੍ਰੈਲ 2022
dailylokbani
Email : lokbani08@gmail.com

# ਮੈਗਜ਼ੀਨ

## ਐਤਵਾਰ



# ਹਾਸਾ ਕਿਉਂ ਹੋ ਗਿਆ ਮਹਿੰਗਾ

ਅੱਜ ਦੀ ਭੱਜ-ਦੌੜ ਵਾਲੀ ਜ਼ਿੰਦਗੀ ਵਿਚ ਜਿਸ ਨੂੰ ਦੇਖੋ, ਉਹ ਤਣਾਅਗ੍ਰਸਤ ਹੈ। ਜੀਵਨ ਅੱਜ ਏਨਾ ਅਸੁਰੱਖਿਅਤ ਹੋ ਗਿਆ ਹੈ, ਜਿੰਨਾ ਪਹਿਲਾਂ ਕਦੇ ਨਹੀਂ ਸੀ। ਅੱਜ ਦੇ ਸਮੇਂ ਵਿਚ ਵਿਅਕਤੀ ਹੱਸਣਾ ਤਾਂ ਲਗਦਾ ਭੁੱਲ ਹੀ ਗਿਆ ਹੈ ਪਰ ਦੇਖਿਆ ਜਾਵੇ ਤਾਂ ਅੱਜ ਹੀ ਉਹ ਸਮਾਂ ਹੈ, ਜਦੋਂ ਇਨਸਾਨ ਨੂੰ ਹਾਸੇ ਦੀ ਜ਼ਿਆਦਾ ਲੋੜ ਹੈ, ਕਿਉਂਕਿ ਹਤਾਸ਼ਾ ਅਤੇ ਨਿਰਾਸ਼ਾ ਲੋਕਾਂ ਦੇ ਜੀਵਨ ਵਿਚ ਡੂੰਘੀ ਦਾਖਲ ਹੋ ਗਈ ਹੈ।

ਦਿਲੋਂ ਨਿਕਲਿਆ ਹਾਸਾ ਨਾ ਸਿਰਫ ਮੂਡ ਨੂੰ ਹੋਰ ਚੰਗਾ ਬਣਾਉਂਦਾ ਹੈ, ਸਗੋਂ ਸਾਡੀ ਸਰੀਰਕ ਪ੍ਰਣਾਲੀ ਨੂੰ ਤਾਕਤ ਵੀ ਦਿੰਦਾ ਹੈ। ਇਹ ਸਰੀਰ ਵਿਚ @ਸਟ੍ਰੈਸ ਹਾਰਮੋਨ@ ਦੇ ਪੱਧਰ ਨੂੰ ਘੱਟ ਕਰਕੇ ਤਣਾਅਮੁਕਤ ਕਰਦਾ ਹੈ ਅਤੇ ਦਰਦ ਦੇ ਅਹਿਸਾਸ ਨੂੰ ਘੱਟ ਕਰਕੇ ਰਾਹਤ ਦਿਵਾਉਂਦਾ ਹੈ। ਖੁਸ਼ਮਿਜ਼ਾਜ ਲੋਕ ਨਾ ਸਿਰਫ ਘੱਟ ਬਿਮਾਰ ਹੁੰਦੇ ਹਨ, ਸਗੋਂ ਲੰਮੀ ਉਮਰ ਵੀ ਜਿਊਂਦੇ ਹਨ।

ਨਾ ਸਿਰਫ ਹਾਸਾ ਤਣਾਅ ਦਾ ਕਾਰਗਰ ਇਲਾਜ ਹੈ, ਸਗੋਂ ਹੋਰ ਕਈ ਰੋਗਾਂ ਤੋਂ ਵੀ ਇਹ ਛੁਟਕਾਰਾ ਦਿਵਾਉਂਦਾ ਹੈ, ਕਿਉਂਕਿ ਕਈ ਰੋਗ ਸਿਰਫ ਰੋਗ ਨਾ ਹੋ ਕੇ ਵਹਿਮ ਹੀ ਹੁੰਦੇ ਹਨ। ਅੱਜ ਡਾਕਟਰੀ ਵਿਗਿਆਨ ਵੀ ਇਸ ਗੱਲ ਨੂੰ ਮੰਨਦਾ ਹੈ ਕਿ ਹਾਸਾ ਮਨੁੱਖ ਨੂੰ ਕੁਦਰਤ ਵਲੋਂ ਮਿਲੀ ਸਭ ਤੋਂ ਵਧੀਆ ਦਵਾਈ ਹੈ। ਜੇ ਬਿਮਾਰੀ ਦੌਰਾਨ ਵਿਅਕਤੀ ਹੱਸ ਸਕਦਾ ਹੈ ਤਾਂ ਉਸ ਦੇ ਛੇਤੀ ਤੰਦਰੁਸਤ ਹੋਣ ਦੀ ਸੰਭਾਵਨਾ ਵਧਦੀ ਹੈ ਅਤੇ ਜੇ ਉਹ ਤੰਦਰੁਸਤ ਰਹਿ ਕੇ ਵੀ ਨਾ ਹੱਸੇ ਤਾਂ ਛੇਤੀ ਬਿਮਾਰ ਪੈ ਕੇ ਤੰਦਰੁਸਤੀ ਗੁਆ ਦੇਵੇਗਾ।

ਹੱਸਣਾ ਇਕ ਕਸਰਤ ਹੈ। ਠਹਾਕਾ ਲਗਾ ਕੇ ਦਿਲ ਖੋਲ੍ਹ ਕੇ ਹੱਸਣ ਨਾਲ ਖ਼ੂਨ ਸੰਚਾਰ ਵਧਦਾ ਹੈ। ਪਾਚਣ ਤੰਤਰ ਜ਼ਿਆਦਾ ਗਤੀਸ਼ੀਲ ਹੋ ਜਾਂਦਾ ਹੈ। ਛਾਤੀ ਦੇ ਸਨਾਯੂ ਅਤੇ ਦਿਲ ਮਜ਼ਬੂਤ ਹੁੰਦੇ ਹਨ। ਖ਼ੂਨ ਦਾ ਦਬਾਅ ਸਹੀ ਰਹਿੰਦਾ ਹੈ। ਖੁੱਲ੍ਹ ਕੇ ਹੱਸਣ ਨਾਲ ਸਨਾਯੂ ਅਤੇ ਸ਼ਿਰਾਵਾਂ ਵਿਚ ਤਣਾਅ ਤੋਂ ਪੈਦਾ ਜਕੜਨ ਦੂਰ ਹੁੰਦੀ ਹੈ। ਹੱਸਣ ਨਾਲ ਪਸੀਨਾ ਆਉਣ @ਤੇ ਬੰਦ ਮੁਸਾਮ ਖੁੱਲ੍ਹਦੇ ਹਨ। ਫੇਫੜਿਆਂ ਵਿਚੋਂ ਦੂਸ਼ਿਤ ਹਵਾ ਤੇਜ਼ੀ ਨਾਲ ਬਾਹਰ ਨਿਕਲਦੀ ਹੈ ਅਤੇ ਜ਼ਿਆਦਾ ਆਕਸੀਜਨ ਮਿਲਦੀ ਹੈ।

ਹਾਸੇ ਦੇ ਨਾਲ ਛਾਂ ਦੀ ਤਰ੍ਹਾਂ ਇਕ ਊਰਜਾ ਦੀ ਧਾਰਾ ਵਗਦੀ ਹੈ। ਹੱਸਣਾ ਅਤੇ ਸੋਚਣਾ ਕਿਉਂਕਿ ਇਕੱਠੇ ਸੰਭਵ ਨਹੀਂ ਹਨ, ਇਸ ਲਈ ਹਾਸਾ ਅਣਚਾਹੀ ਸੋਚ ਅਤੇ ਚਿੰਤਾ ਤੋਂ ਛੁਟਕਾਰਾ ਦਿਵਾਉਂਦਾ ਹੈ। ਹੱਸਣ ਵਾਲੇ ਲੋਕ ਬਹੁਤ ਘੱਟ ਆਤਮਹੱਤਿਆ ਕਰਦੇ ਹਨ ਜਾਂ ਦਿਲ ਦੇ ਦੌਰੇ ਦੇ ਸ਼ਿਕਾਰ ਹੁੰਦੇ ਹਨ। ਇਸ ਲਈ ਇਸ ਨੂੰ ਸੱਚ ਮੰਨ ਲੈਣਾ ਚਾਹੀਦਾ ਕਿ ਹਾਸਾ ਅਦਭੁੱਤ ਦਵਾਈਆਂ ਵਿਚੋਂ ਇਕ ਹੈ।

ਸਾਡਾ ਸਰੀਰ ਇਕ ਜਟਿਲ ਸੰਸਥਾਨ ਹੈ। ਕਿਹੜੀ ਦਵਾਈ ਕਿਹੜੀ ਬਿਮਾਰੀ ਠੀਕ ਕਰਦੇ ਹੋਏ ਦੂਜੀਆਂ ਬਿਮਾਰੀਆਂ ਮਾੜੇ ਪ੍ਰਭਾਵ ਨਾਲ ਪੈਦਾ ਕਰ ਦਿੰਦੀ ਹੈ, ਉਹ ਚਾਹੇ ਤੁਰੰਤ ਪਤਾ ਨਾ ਲੱਗੇ ਪਰ ਮਾੜਾ ਅਸਰ ਤਾਂ ਹੁੰਦਾ ਹੀ ਹੈ। ਹਾਸੇ ਦਾ ਸਿਹਤ @ਤੇ ਪੈਣ ਵਾਲਾ ਚੰਗਾ ਅਸਰ ਦੱਸਦੇ ਹੋਏ ਸਿਹਤ ਵਿਗਿਆਨੀ ਕਹਿੰਦੇ ਹਨ ਕਿ ਇਸ ਨਾਲ ਦਿਮਾਗ ਉਤੇਜਿਤ ਹੁੰਦਾ ਹੈ। ਏਪੀਨੇਫ੍ਰੀਨ, ਨੋਰੇਪਾਈਨਫ੍ਰੀਨ, ਡੋਪਾਮਾਈਨ ਵਰਗੇ ਦਰਦ ਨਿਵਾਰਕ ਹਾਰਮੋਨਸ ਦੇ ਉਤਪਾਦਨ ਵਿਚ ਹਾਸਾ ਸਹਾਇਕ ਹੁੰਦਾ ਹੈ।

ਇਸ ਵਿਚ ਦੋ ਰਾਏ ਨਹੀਂ ਕਿ ਹੱਸਣਾ ਲੰਮੀ ਉਮਰ ਪ੍ਰਦਾਨ ਕਰਦਾ ਹੈ, ਕਿਉਂਕਿ ਹੱਸਣ ਨਾਲ ਸਰੀਰ ਦੀ ਪ੍ਰਤੀਰੋਧਕ ਸਮਰੱਥਾ ਕਈ ਗੁਣਾ ਵਧ ਜਾਂਦੀ ਹੈ।





## ਮਾੜੇ ਦਿਨਾਂ ਦੀ ਕਹਾਣੀ

ਭੈਣਾਂ ਅਤੇ ਭਰਾ ਭਰਾਵਾਂ ਨੇ ਵੀ ,
ਛੱਡਿਆ ਸਾਥ ਸੀ ਸਾਹਵਾਂ ਨੇ ਵੀ ।
ਜਿਥੇ ਸਾਨੂੰ ਲੋੜ ਪਈ ,
ਉੱਥੇ ਛੱਡਿਆ ਸਾਥ ਦੁਅਵਾਂ ਨੇ ਵੀ।

ਭਾਗਾਂ ਵਾਲੇ ਬੇਭਾਗੇ ਹੋਂ ਗਏ,
ਛੱਡਿਆ ਸਾਥ ਇੱਛਾਵਾਂ ਨੇ ਵੀ
ਬੌਣੀਆਂ ਸੀ ਜੋ ਸਾਡੇ ਅੱਗੇ ,
ਘੇਰਿਆ ਉਨ੍ਹਾਂ ਬਲਾਵਾਂ ਨੇ ਵੀ ।

ਵੇਖ ਮੁਸੀਬਤ ਸਾਡੇ ਉੱਤੇ,
ਬਦਲਿਆ ਰੁਖ਼ ਹਵਾਵਾਂ ਨੇ ਵੀ ।
ਕੱਲੇ ਤੇ ਕਮਜ਼ੋਰ ਵੇਖ ਕੇ ,
ਫਾਇਦਾ ਚੱਕਿਆ ਕਾਵਾਂ ਨੇ ਵੀ।

ਠੋਕਰਾਂ ਖਾ ਕੇ ਆਈਆਂ ਅਕਲਾਂ ,
ਦਿੱਤੀ ਜ਼ਿੰਦਗੀ ਬਦਲ ਸੁਝਾਵਾਂ ਨੇ ਵੀ ।
ਧੁੱਪਾਂ ਵਿੱਚ ਪਕਾਇਆ ਹੌਸਲਾ ,
ਛੱਡਿਆ ਸਾਥ ਸੀ ਛਾਂਵਾਂ ਨੇ ਵੀ ।

ਘੁੱਪ ਹਨੇਰਾ ਰੋਕ ਨਾ ਸਕਿਆ ,
ਉਲਝਾਇਆ ਸੀ ਰਾਹਵਾਂ ਨੇ ਵੀ ।
ਟੁਕੜਿਆਂ ਦੇ ਵਿੱਚ ਵੰਡ ਗਈ ਹਿੰਮਤ ,
ਸ਼ੁਰੂ ਕਰਤਾ ਮਰਨਾ ਚਾਵਾਂ ਨੇ ਵੀ ।

ਵੀਰਪਾਲ ਭੱਠਲ ÷ਨੂੰ ਆਖ ਬੇਵਫ਼ਾ,
ਛੱਡ ਦਿੱਤਾ ਸਾਥ ਵਫਾਵਾਂ ਨੇ ਵੀ ।
ਕਲਮ ਬਣੀ ਮੇਰੇ ਵਜ੍ਹਾ ਜਿਉਣ ਦੀ ,
ਦਿੱਤਾ ਸਾਥ ਕਵਿਤਾਵਾਂ ਨੇ ਵੀ।



ਵੀਰਪਾਲ ਕੌਰ ਭੱਠਲ

## ਦੇਸ਼ ਮੇਰੇ ਦੀਆਂ ਧੀਆਂ




ਕੁੱਖ ਵਿਚ ਵੀ ਮਰਦੀਆਂ ਵੇਖੀਆਂ,
ਦੇਸ਼ ਮੇਰੇ ਦੀਆਂ ਧੀਆਂ।
ਦਾਜ ਦੀ ਖਾਤਿਰ ਸੜਦੀਆਂ ਵੇਖੀਆਂ,
ਦੇਸ਼ ਮੇਰੇ ਦੀਆਂ ਧੀਆਂ ॥
ਪੁੱਤਰਾਂ ਵਾਂਗ ਹੱਥ ਨਾਲ ਹੱਥ ਵਟਾਵੇ,
ਦੁੱਖ ਕਿਸੀ ਦਾ ਨਾ ਇਹ ਚਾਵੇ,
ਕਦੇ ਨਾ ਬਾਬੁਲ ਤੋਂ ਕੁੱਝ ਮੰਗੇ,
ਧੀਆਂ ਨਾਲੋਂ ਕਾਤੋ ਪੁੱਤਰ ਚੰਗੇ,
ਨਾਲ ਬਾਪੂ ਦੇ ਖੜਦੀਆਂ ਵੇਖੀਆਂ,
ਦੇਸ਼ ਮੇਰੇ ਦੀਆਂ ਧੀਆਂ।
ਕਹਿੰਦੇ ਧੀ ਜਿੱਥੇ ਉਥੇ ਵਾਸਾ ਰੱਬ ਦਾ,
ਇਹੋ ਜਿਹਾ ਭਾਗ ਨਾ ਹੁੰਦਾ ਸੱਭ ਦਾ
ਮਾਂ-ਬਾਪ ਦਾ ਏ ਮਾਣ ਵਧਾਵਣ,
ਔਖੇ ਟਾਇਮ ਵੀ ਇਹ ਕੰਮ ਆਵਣ,
ਦੇਸ਼ ਮੇਰੇ ਦੀਆਂ ਧੀਆਂ।
ਦਾਜ ਦੀ ਖਾਤਿਰ ਸੜਦੀਆਂ ਵੇਖੀਆਂ,
ਦੇਸ਼ ਮੇਰੇ ਦੀਆਂ ਧੀਆਂ . . . . ॥

**ਲੇਖਕ ਕਰਮਾ ਭੱਟੀ ਫਤਿਹਪੁਰ**

## ਕਬੂਤਰ

ਸਾਡੇ ਘਰ ਇੱਕ ਕਬੂਤਰ ਆਇਆ।



ਕਬੂਤਰ ਆਇਆ , ਕਬੂਤਰ ਆਇਆ ,
ਸਾਡੇ ਘਰ ਇੱਕ ਕਬੂਤਰ ਆਇਆ ,
ਰੁੱਖ @ਤੇ ਚੜ੍ਹ ਗਿਆ ,
ਕਰਦਾ ਗੁਟਰ ਗੂੰ - ਗੁਟਰ ਗੂੰ ,
ਉੱਥੇ ਇੱਕ ਆਲ੍ਹਣਾ ਪਾਇਆ ,
ਕਬੂਤਰ ਆਇਆ , ਕਬੂਤਰ ਆਇਆ ,



ਰਾਜਿੰਦਰ ਸਿੰਘ , ਜਮਾਤ - ਪੰਜਵੀਂ , ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ - ਗੰਭੀਰਪੁਰ ਲੋਅਰ , ਸਿੱਖਿਆ ਬਲਾਕ - ਸ੍ਰੀ ਅਨੰਦਪੁਰ ਸਾਹਿਬ , ਜ਼ਿਲ੍ਹਾ - ਰੂਪਨਗਰ ( ਪੰਜਾਬ )
ਗਾਈਡ ਅਧਿਆਪਕ : ਮਾਸਟਰ ਸੰਜੀਵ ਧਰਮਾਣੀ

ਜੇਕਰ ਨਹੀਂ ਸੁਣ ਰਿਹਾ ਸਰਕਾਰੀ ਗੈਰਸਰਕਾਰੀ ਦਫਤਰ ਵਿੱਚ ਤੁਹਾਡੀ
ਜਾਂ ਹੋ ਚੁੱਕੇ ਹੋ
ਠੱਗੀ ਦਾ ਸ਼ਿਕਾਰ
ਕਰੋ ਇਕ ਫੋਨ ਸਾਡੇ ਪੱਤਰਕਾਰ ਤੁਹਾਡੀ ਪਰੇਸ਼ਾਨੀ ਪਹੁੰਚਾਉਣਗੇ ਉਚ ਅਧਿਕਾਰੀਆਂ ਤੇ ਪ੍ਰਸ਼ਾਸਨ ਤੱਕ ਟੋਲ ਫਰੀ ਨੰ:-
0181-2211009

ਰੋਜ਼ਾਨਾ
# ਲੋਕ ਬਾਣੀ
ਸੱਚ ਤੇ ਨਿਡਰ ਆਵਾਜ਼
Email : lokbani08@gmail.com
ਐਤਵਾਰ, 17 ਅਪ੍ਰੈਲ 2022
ਮੁੱਖ ਸੰਪਾਦਕ :- ਅਮਨ ਮਹਿਰਾ (ਜਲੰਧਰ)

ਇਸ਼ਤਿਹਾਰ ਲਵਾਓ ਵਪਾਰ ਵਧਾਓ
ਰੋਜਾਨਾ ਲੋਕ ਬਾਣੀ
ਅਖਬਾਰ ਵਿਚ ਸੰਪਰਕ ਕਰੋ
0181-2211009
Newslokbani@gmail.com

R.N.I. Punpun/29016/2008 ✲ ਸਾਲ : 14 ✲ ਅੰਕ : 400 ✲ ਮੁੱਲ : 5.00 ਰੁਪਏ ✲ ਕੁੱਲ ਪੇਜ਼ : 10 ✲ ਫੈਕਸ : 0181-2211009 ✲ M. 99155-94111



## ਪਾਕਿਸਤਾਨ ਨੇਤਾਵਾਂ ਦੀ ਕਰਤੂਤ ਵਿਧਾਨ ਸਭਾ ਬਣਾ ਦਿੱਤਾ ਅਖਾੜਾ


**ਇਸਲਾਮਾਬਾਦ/ਲੋਕ ਬਾਣੀ**

ਪਾਕਿਸਤਾਨ ਦੀ ਪੰਜਾਬ ਵਿਧਾਨ ਸਭਾ @ਚ ਸ਼ਨੀਵਾਰ ਨੂੰ ਜ਼ਬਰਦਸਤ ਹੰਗਾਮਾ ਹੋਇਆ। ਜੀਓ ਨਿਊਜ਼ ਮੁਤਾਬਕ ਇਮਰਾਨ ਖ਼ਾਨ ਦੀ ਪਾਰਟੀ ਪਾਕਿਸਤਾਨ ਤਹਿਰੀਕ-ਏ-ਇਨਸਾਫ਼ (PTI) ਦੇ ਮੈਂਬਰਾਂ ਨੇ ਕਥਿਤ ਤੌਰ ’ਤੇ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਦੋਸਤ ਮੁਹੰਮਦ ਮਜ਼ਾਰੀ ਨਾਲ ਕੁੱਟਮਾਰ ਕੀਤੀ। ਉਹ ਮੁੱਖ ਮੰਤਰੀ ਦੀ ਚੋਣ ਲਈ ਬੁਲਾਏ ਇਜਲਾਸ ਦੀ ਪ੍ਰਧਾਨਗੀ ਕਰਨ ਆਏ ਸਨ। ਜੀਓ ਨਿਊਜ਼ ਨੇ ਦੱਸਿਆ ਕਿ ਸੱਤਾਧਾਰੀ ਪਾਰਟੀ ਪੀਟੀਆਈ ਦੇ ਮੈਂਬਰਾਂ ਨੇ ਸੁਰੱਖਿਆ ਗਾਰਡਾਂ ਦੀ ਮੌਜੂਦਗੀ ਵਿੱਚ ਮਜ਼ਾਰੀ @ਤੇ ਹਮਲਾ ਕੀਤਾ ਅਤੇ ਉਸ ਦੇ ਵਾਲ ਪੁੱਟ ਦਿੱਤੇ। ਘਟਨਾ ਤੋਂ ਬਾਅਦ ਦੋਸਤ ਮੁਹੰਮਦ ਮਜ਼ਾਰੀ ਸਦਨ ਛੱਡ ਕੇ ਚਲੇ ਗਏ।



# ਅਮਰੀਕਾ ਤੇ ਨਾਟੋ ਨੂੰ ਦਿੱਤੀ ਰੂਸ ਨੇ ਧਮਕੀ

ਰੂਸ ਨੇ ਸੰਯੁਕਤ ਰਾਜ ਨੂੰ ‘ਅਣਕਿਆਸੇ ਨਤੀਜਿਆਂ’ ਦੀ ਚੇਤਾਵਨੀ ਦਿੱਤੀ ਹੈ। ਰੂਸ ਨੇ ਅਮਰੀਕਾ ਨੂੰ ਯੂਕਰੇਨ ਲਈ ਹਥਿਆਰਾਂ ਦੀ ਮੁਹਿੰਮ ਤੁਰੰਤ ਬੰਦ ਕਰਨ ਲਈ ਕਿਹਾ ਹੈ। ਦਰਅਸਲ, ਜੋਅ ਬਿਡੇਨ ਪ੍ਰਸ਼ਾਸਨ ਦੁਆਰਾ ਯੂਕਰੇਨ ਨੂੰ £800 ਮਿਲੀਅਨ ਦੀ ਵਾਧੂ ਫੌਜੀ ਸਹਾਇਤਾ ਦੀ ਘੋਸ਼ਣਾ ਤੋਂ ਬਾਅਦ ਇਹ ਚੇਤਾਵਨੀ ਦਿੱਤੀ ਗਈ ਹੈ। ਵਾਸ਼ਿੰਗਟਨ ਪੋਸਟ ਨੇ ਇੱਕ ਡਿਪਲੋਮੈਟਿਕ ਨੋਟ ਦੀ ਸਮੀਖਿਆ ਕੀਤੀ ਜੋ ਰੂਸ ਨੇ ਇਸ ਹਫਤੇ ਅਮਰੀਕਾ ਨੂੰ ਭੇਜਿਆ ਸੀ। ਨੋਟ ਅਮਰੀਕਾ ਅਤੇ ਨਾਟੋ ਨੂੰ ਚੇਤਾਵਨੀ ਦਿੰਦਾ ਹੈ। ਇਸ ਵਿਚ ਕਿਹਾ ਗਿਆ ਹੈ ਕਿ ਅਮਰੀਕਾ ਅਤੇ ਨਾਟੋ ਦੇਸ਼ਾਂ ਨੂੰ ਯੂਕਰੇਨ ਨੂੰ ਸੰਵੇਦਨਸ਼ੀਲ ਹਥਿਆਰ ਪ੍ਰਣਾਲੀਆਂ ਦੀ ਸਪਲਾਈ ਤੁਰੰਤ ਬੰਦ ਕਰ ਦੇਣੀ ਚਾਹੀਦੀ ਹੈ। ਜੇਕਰ ਅਜਿਹਾ ਨਾ ਕੀਤਾ ਗਿਆ ਤਾਂ ਇਸ ਦੇ ਅਣਕਿਆਸੇ ਨਤੀਜੇ ਹੋਣਗੇ।



## ਗਰਮੀ ਨੇ ਹਰਿਆਣਾ ਤੇ ਪੰਜਾਬ ਵਿੱਚ ਕੱਢੇ ਲੋਕਾਂ ਦੇ ਵੱਟ

**ਜਲੰਧਰ/ਰਾਕੇਸ਼ ਵਰਮਾ**

ਹਰਿਆਣਾ ਦੇ ਜ਼ਿਆਦਾਤਰ ਹਿੱਸਿਆਂ ਵਿਚ ਅੱਜ ਗਰਮੀ ਵਧੀ ਜਦਕਿ ਪੰਜਾਬ ਦੇ ਤਾਪਮਾਨ ਵਿਚ ਗਿਰਾਵਟ ਦਰਜ ਕੀਤੀ ਗਈ। ਮੌਸਮ ਵਿਭਾਗ ਨੇ ਆਪਣੀ ਰਿਪੋਰਟ ਵਿਚ ਕਿਹਾ ਹੈ ਕਿ ਹਰਿਆਣਾ ਦੇ ਗੁਰੂਗ੍ਰਾਮ ਤੇ ਨਾਰਨੌਲ ਵਿਚ ਵਧ ਤੋਂ ਵੱਧ ਤਾਪਮਾਨ 41.4 ਤੇ 41 ਡਿਗਰੀ ਸੈਲਸੀਅਮ ਦਰਜ ਕੀਤਾ ਗਿਆ। ਪੰਜਾਬ ਵਿਚ ਬੀਤੇ ਦਿਨੀਂ ਮੀਂਹ ਪੈਣ ਕਾਰਨ ਜ਼ਿਆਦਾਤਰ ਥਾਵਾਂ ’ਤੇ ਤਾਪਮਾਨ 40 ਡਿਗਰੀ ਤੋਂ ਹੇਠਾਂ ਹੀ ਰਿਹਾ।



## ਮੁਫਤ ਬਿਜਲੀ ਲਈ ਪੰਜਾਬ ਦੇ ਲੋਕਾਂ ਨੂੰ ਕਰਨਾ ਪਵੇਗਾ ਕੁੱਝ ਮਹੀਨੇ ਹੋਰ ਇੰਤਜ਼ਾਰ

**ਲੁਧਿਆਣਾ/ਸੁਖਚੈਨ ਮਹਿਰਾ**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਵਿੱਚ 1 ਜੁਲਾਈ ਤੋਂ ਹਰ ਮਹੀਨੇ 300 ਯੂਨਿਟ ਮੁਫ਼ਤ ਬਿਜਲੀ ਦੇਣ ਦਾ ਐਲਾਨ ਕੀਤਾ ਹੈ। ਇਸ ਗੱਲ ਦਾ ਪ੍ਰਗਟਾਵਾ ਸ੍ਰੀ ਮਾਨ ਨੇ ਵੀਡੀਓ ਜਾਰੀ ਕਰਕੇ ਕੀਤਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪਛੜੀਆਂ ਸ਼੍ਰੇਣੀਆਂ ਨੂੰ ਵੀ ਹਰ ਮਹੀਨੇ 300 ਯੂਨਿਟ ਮੁਫਤ ਬਿਜਲੀ ਦਿੱਤੀ ਜਾਵੇਗੀ, ਜਦੋਂ ਕਿ 300 ਯੂਨਿਟ ਤੋਂ ਵੱਧ ਬਿਲ ਆਉਣ ’ਤੇ ਬਿਲ ਦਾ ਭੁਗਤਾਨ ਕਰਨਾ ਪਵੇਗਾ। ਉਨ੍ਹਾਂ ਦੱਸਿਆ ਕਿ ਪਛੜੀਆਂ ਸ਼੍ਰੇਣੀਆਂ ਨੂੰ ਦੋ ਮਹੀਨੇ ਵਿੱਚ 600 ਯੂਨਿਟ ਬਿਲਕੁਲ ਮੁਫ਼ਤ ਹੋਣਗੇ ਜਦੋਂ ਕਿ 600 ਯੂਨਿਟ ਦੇ ਉੱਪਰ ਵਾਲੇ ਬਿੱਲ ਦਾ ਭੁਗਤਾਨ ਕਰਨਾ ਪਵੇਗਾ। ਪੰਜਾਬ ਦੇ ਮੁੱਖ ਮੰਤਰੀ ਨੇ ਕਿਹਾ ਕਿ ਉਦਯੋਗਿਕ ਬਿਜਲੀ ਕੁਨੈਕਸਨਾਂ ਦੀਆਂ ਦਰਾਂ ਵਿਚ ਕੋਈ ਵਾਧਾ ਨਹੀਂ ਕੀਤਾ ਗਿਆ ਹੈ। ਪੰਜਾਬ ਸਰਕਾਰ ਦਾ ਟੀਚਾ ਹੈ ਕਿ ਆਉਣ ਵਾਲੇ ਦੋ ਤਿੰਨ ਸਾਲਾਂ ਵਿੱਚ ਸੂਬੇ ਦੇ ਹਰ ਘਰ ਨੂੰ 24 ਘੰਟੇ ਬਿਜਲੀ ਸਪਲਾਈ ਯਕੀਨੀ ਬਣਾਈ ਜਾਵੇ। ਮੁੱਖ ਮੰਤਰੀ ਨੇ ਕਿਹਾ ਕਿ ਦਿੱਲੀ ਸਰਕਾਰ ਵੱਲੋਂ ਲੋਕਾਂ ਨੂੰ ਸਭ ਤੋ ਸਸਤੀ ਬਿਜਲੀ ਮੁਹੱਈਆ ਕਰਵਾਈ ਜਾਂਦੀ ਹੈ ਉਸੇ ਤਰਜ ’ਤੇ ਪੰਜਾਬ ਸਰਕਾਰ ਆਉਣ ਵਾਲੇ ਦਿਨਾਂ ਵਿਚ ਪੰਜਾਬ ਦੇ ਲੋਕਾਂ ਨੂੰ ਸਸਤੀ ਬਿਜਲੀ ਮੁਹੱਈਆ ਕਰਵਾਉਣ ਦੀ ਕੋਸ਼ਿਸ਼ ਕਰੇਗੀ। ਇਸ ਦੇ ਨਾਲ ਹੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੀ ਇਕ ਮਹੀਨੇ ਵਿੱਚ ਕੀਤੇ ਕੰਮਾਂ ਬਾਰੇ ਵੀ ਚਾਨਣਾ ਪਾਇਆ।

## ਇੰਟਰਨੈਸ਼ਨਲ ਤਸਕਰ ਪੰਜਾਬ ’ਚ ਕਾਬੂ

**ਤਰਨ ਤਾਰਨ/ਲੋਕ ਬਾਣੀ**

ਤਰਨ ਤਾਰਨ ਪੁਲਿਸ ਨੇ ਪਾਕਿਸਤਾਨ ਤੋਂ ਹੈਰੋਇਨ ਅਤੇ ਹੋਰ ਸਾਮਾਨ ਡਰੋਨ ਰਾਹੀਂ ਮੰਗਵਾਉਣ ਦੇ ਮਾਮਲੇ ਵਿਚ ਵੱਡੀ ਸਫਲਤਾ ਹਾਸਲ ਕਰਦਿਆਂ 5 ਮੈਂਬਰੀ ਤਸਕਰ ਗਿਰੋਹ ਦਾ ਪਰਦਾਫਾਸ਼ ਕਰਦਿਆਂ ਗਿਰੋਹ ਦੇ 2 ਮੈਂਬਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਪਾਸੋਂ ਡਰੋਨ ਦਾ ਸਾਮਾਨ ਬਰਾਮਦ ਕੀਤਾ ਹੈ,ਜਿਸ ਦੀ ਵਰਤੋਂ ਕਰਕੇ ਉਹ ਭਾਰਤ ਵਾਲ਼ਿਓਂ ਪਾਸਿਓਂ ਪਾਕਿਸਤਾਨ ਖੇਤਰ ਵਿਚ ਡਰੋਨ ਭੇਜਦੇ ਸਨ। ਇਸ ਗਿਰੋਹ ਦੇ ਮੁੱਖ ਸਰਗਨੇ ਸਮੇਤ ਤਿੰਨ ਵਿਅਕਤੀ ਫ਼ਰਾਰ ਹਨ, ਜਿਨ੍ਹਾਂ ਦੀ ਗ੍ਰਿਫ਼ਤਾਰੀ ਲਈ ਪੁਲਿਸ ਵਲੋਂ ਛਾਪੇਮਾਰੀ ਕੀਤੀ ਜਾ ਰਹੀ ਹੈ। ਉਨ੍ਹਾਂ ਦੀ ਗ੍ਰਿਫ਼ਤਾਰੀ ਤੋਂ ਬਾਅਦ ਪਾਕਿਸਤਾਨ ਤੋਂ ਆਈ ਹੈਰੋਇਨ ਅਤੇ ਹੋਰ ਸਾਮਾਨ ਦੇ ਖ਼ੁਲਾਸੇ ਹੋਣ ਦੀ ਆਸ ਹੈ।



## ਕੇਂਦਰ ਖਿਲਾਫ ਕਿਸਾਨਾਂ ਦਾ ਸੰਘਰਸ਼ ਹੋ ਰਿਹਾ ਹੈ ਦੁਬਾਰਾ ਤੇਜ਼



**ਚੰਡੀਗੜ੍ਹ/ਵਿਨੋਦ ਸ਼ਰਮਾ**

ਪੰਜਾਬ ਦੀਆਂ ਕਿਸਾਨ ਜਥੇਬੰਦੀਆਂ ਨੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ’ਤੇ ਐੱਮਐੱਸਪੀ ਗਾਰੰਟੀ ਹਫ਼ਤੇ ਦੌਰਾਨ ਕੇਂਦਰ ਦੀ ਮੋਦੀ ਸਰਕਾਰ ਖ਼ਿਲਾਫ਼ ਵਿੱਢੇ ਸੰਘਰਸ਼ ਦਾ ਦਾਇਰਾ ਵਧਾ ਦਿੱਤਾ ਹੈ। ਕਿਸਾਨਾਂ ਨੇ ਅੱਜ ਸੂਬੇ ਦੇ ਛੇ ਤੋਂ ਵੱਧ ਜ਼ਿਲ੍ਹਿਆਂ ਵਿੱਚ ਰੋਸ ਮੁਜ਼ਾਹਰੇ ਕੀਤੇ। ਕਿਸਾਨ ਆਗੂ ਸੁਖਦੇਵ ਸਿੰਘ ਕੋਕਰੀ ਕਲਾਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸੂਬੇ ’ਚ ਬੇਮੌਸਮੀ ਬਾਰਸ਼ਾਂ ਅਤੇ ਇੱਕਦਮ ਗਰਮੀ ਵਧਣ ਕਰਕੇ ਕਣਕ ਦਾ ਝਾੜ ਘਟਣ ਨਾਲ ਹੋਏ ਨੁਕਸਾਨ ਦੀ ਪੂਰਤੀ ਲਈ ਕਿਸਾਨਾਂ ਨੂੰ 300 ਰੁਪਏ ਪ੍ਰਤੀ ਕੁਇੰਟਲ ਬੋਨਸ ਦਿੱਤਾ ਜਾਵੇ।

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਸਰਵਣ ਸਿੰਘ ਪੰਧੇਰ, ਸੂਬਾ ਦਫ਼ਤਰ ਸਕੱਤਰ ਗੁਰਬਚਨ ਸਿੰਘ ਚੱਬਾ, ਰਣਜੀਤ ਸਿੰਘ ਕਲੇਰਬਾਲਾ, ਜਰਮਨਜੀਤ ਸਿੰਘ ਬੰਡਾਲਾ ਨੇ ਨਸ਼ਿਆਂ ਖ਼ਿਲਾਫ਼ 16 ਅਪਰੈਲ ਨੂੰ ਐੱਸਐੱਸਪੀ ਦਿਹਾਤੀ ਅੰਮ੍ਰਿਤਸਰ ਅੱਗੇ ਧਰਨਾ ਦਿੱਤਾ ਜਾਵੇਗਾ। ਆਗੂਆਂ ਨੇ ਆਖਿਆ ਕਿ ਕੇਂਦਰ ਸਰਕਾਰ ਵੱਲੋਂ ਕਣਕ ਦੀ ਖਰੀਦ ਲਈ ਨਿਯਮਾਂ ਵਿੱਚ ਢਿੱਲ ਨਾ ਦੇਣ ਖ਼ਿਲਾਫ਼ 25 ਅਪਰੈਲ ਨੂੰ ਰੇਲਾਂ ਰੋਕੀਆਂ ਜਾਣਗੀਆਂ ਅਤੇ ਲੋਕਾਂ ਨੂੰ ਹੋਣ ਵਾਲੀ ਪ੍ਰੇਸ਼ਾਨੀ ਲਈ ਕੇਂਦਰ ਸਰਕਾਰ ਜ਼ਿੰਮੇਵਾਰ ਹੋਵੇਗੀ।

## ਪੱਤਰਕਾਰ ਦੀ ਨਿਯੁਕਤੀ

ਰੋਜਾਨਾ ਲੋਕ ਬਾਣੀ ਅਖਬਾਰ ਵਲੋਂ ਜਲੰਧਰ ਕੈਂਟ ਤੋ ਹਰਬੰਸ ਬਿੱਟੂ ਨੂੰ ਪੱਤਰਕਾਰ ਨਿਯੁਕਤ ਕੀਤਾ ਜਾਂਦਾ ਹੈ ਖਬਰਾਂ ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ



ਮੋ:- 98789-60724

ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਚਾਰ ਸੂਬਿਆਂ ਦੀਆਂ ਜ਼ਿਮਨੀ ਚੋਣਾਂ 'ਚ ਭਾਜਪਾ ਨੂੰ ਇਕ ਵੀ ਸੀਟ ਨਾ ਮਿਲੀ, ਆਰਜੇਡੀ, ਕਾਂਗਰਸ ਤੇ ਟੀਐੱਮਸੀ ਜਿੱਤੀ

ਚਾਰ ਰਾਜਾਂ ਦੀਆਂ 5 ਵਿਧਾਨ ਸਭਾ ਸੀਟਾਂ @ਤੇ ਉਪ ਚੋਣਾਂ ਵਿਚ ਭਾਜਪਾ ਨੂੰ ਵੱਡਾ ਝਟਕਾ ਲੱਗਾ ਹੈ। ਭਾਜਪਾ ਪੱਲੇ ਇਕ ਵੀ ਸੀਟ ਨਹੀਂ ਪਈ। ਆਰਜੇਡੀ ਨੇ ਬਿਹਾਰ ਦੀ ਬੋਚਹਾਂ ਵਿਧਾਨ ਸਭਾ ਸੀਟ ਦੀ ਜ਼ਿਮਨੀ ਚੋਣ ਜਿੱਤ ਲਈ ਹੈ। ਪਾਰਟੀ ਦੇ ਉਮੀਦਵਾਰ ਅਮਰ ਕੁਮਾਰ ਪਾਸਵਾਨ ਨੇ ਆਪਣੀ ਨੇੜਲੀ ਵਿਰੋਧੀ ਅਤੇ ਭਾਜਪਾ ਉਮੀਦਵਾਰ ਬੇਬੀ ਕੁਮਾਰੀ ਨੂੰ 35,000 ਤੋਂ ਵੱਧ ਵੋਟਾਂ ਨਾਲ ਹਰਾਇਆ। ਮਹਾਰਾਸ਼ਟਰ ਦੀ ਕੋਲਹਾਪੁਰ ਉੱਤਰੀ ਵਿਧਾਨ ਸਭਾ ਸੀਟ ਦੀ ਜ਼ਿਮਨੀ ਚੋਣ ਵਿੱਚ ਕਾਂਗਰਸ ਕਾਂਗਰਸ-ਐੱਮਵੀਏ ਉਮੀਦਵਾਰ ਜੈਸ਼੍ਰੀ ਜਾਧਵ ਨੇ ਭਾਜਪਾ ਦੇ ਸੱਤਿਆਜੀਤ ਕਦਮ ਨੂੰ ਹਰਾ ਦਿੱਤਾ। ਜਾਧਵ ਨੂੰ 96,176, ਜਦਕਿ ਭਾਜਪਾ ਦੇ ਸੱਤਿਆਜੀਤ ਕਦਮ ਨੂੰ 77,426 ਵੋਟਾਂ ਮਿਲੀਆਂ। ਇਸ ਦੌਰਾਨ ਪੱਛਮੀ ਬੰਗਾਲ ਵਿੱਚ ਆਸਨਸੋਲ ਲੋਕ ਸਭਾ ਅਤੇ ਬਾਲੀਗੰਜ ਵਿਧਾਨ ਸਭਾ ਹਲਕਿਆਂ ਦੀਆਂ ਜ਼ਿਮਨੀ ਚੋਣਾਂ ਲਈ ਵੋਟਾਂ ਦੀ ਗਿਣਤੀ ਵਿੱਚ ਤ੍ਰਿਣਮੂਲ ਕਾਂਗਰਸ ਦੇ ਉਮੀਦਵਾਰਾਂ ਨੇ ਆਪਣੇ ਵਿਰੋਧੀਆਂ ਨੂੰ ਪਛਾੜ ਦਿੱਤਾ ਹੈ। ਬਾਲੀਗੰਜ ਬਾਬੁਲ ਸੁਪਰੀਓ ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਦੀ ਸਾਇਰਾ ਸ਼ਾਹ ਹਲੀਮ ਤੇ ਆਸਨਸੋਲ ਦੀ ਲੋਕ ਸਭਾ ਸੀਟ 'ਤੇ ਸਾਬਕਾ ਕੇਂਦਰੀ ਮੰਤਰੀ ਅਤੇ ਮਸ਼ਹੂਰ ਅਭਿਨੇਤਾ ਸ਼ਤਰੂਘਣ ਸਿਨਹਾ ਨੇ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਅਗਨੀਮਿੱਤਰਾ ਪਾਲ ਨੂੰ ਮਾਤ ਦਿੱਤੀ।

# ਕੇਂਦਰੀ ਜੇਲ੍ਹ ਬਠਿੰਡਾ 'ਚੋਂ ਚਾਰਜਰ, ਬੈਟਰੀਆਂ ਅਤੇ 5 ਫੋਨ ਹੋਰ ਬਰਾਮਦ

**ਬਠਿੰਡਾ/ਲੋਕ ਬਾਣੀ**

ਬੀਤੇ 2 ਦਿਨਾਂ ਵਿੱਚ 2 ਵਾਰ ਕਰੀਬ 5 ਅਤੇ 7 ਹਵਾਲਾਤੀਆਂ ਅਤੇ ਕੈਦੀਆਂ ਤੋਂ 16 ਫੋਨ ਬਰਾਮਦ ਹੋਣ ਦਾ ਅਜੇ ਮਾਮਲਾ ਸੁਰਖੀਆਂ ਵਿੱਚ ਹੈ, ਕਿ ਅੱਜ ਫਿਰ ਕੈਦੀਆਂ ਅਤੇ ਹਵਾਲਾਤੀਆਂ ਤੋਂ ਬੈਟਰੀ, ਚਾਰਜਰ ਅਤੇ 5 ਫੋਨ ਬਰਾਮਦ ਹੋਏ ਹਨ। ਕੇਂਦਰੀ ਜੇਲ੍ਹ ਬਠਿੰਡਾ ਵਿਚੋਂ ਲਗਾਤਾਰ ਮੋਬਾਇਲ ਬਰਾਮਦਗੀ ਹੋਣਾ ਕੇਂਦਰੀ ਜੇਲ੍ਹ ਬਠਿੰਡਾ ਦੇ ਸੁਰੱਖਿਆ ਘੇਰੇ ਤੇ ਸਵਾਲ ਖੜ੍ਹੇ ਕਰਦਾ ਹੈ।

ਜਾਣਕਾਰੀ ਅਨੁਸਾਰ ਕੇਂਦਰੀ ਜੇਲ੍ਹ ਬਠਿੰਡਾ ਦੇ ਸਹਾਇਕ ਸੁਪਰੀਡੈਂਟ ਜਗਤਾਰ ਸਿੰਘ ਨੇ ਥਾਣਾ ਕੈਂਟ ਪੁਲੀਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਹੈ ਕਿ ਜੇਲ੍ਹ ਵਿੱਚ ਬੰਦ ਮੁਕੇਸ਼ ਜਾਟ ਪੁਤਰ ਉਦੈ ਰਾਮ, ਜੀਵਨ



ਸਿੰਘ ਪੁਤਰ ਬਖਸ਼ੀਸ਼ ਸਿੰਘ , ਵੀਰ ਸਿੰਘ ਪੁਤਰ ਪ੍ਰਭੂ ਦਿਆਲ@ ਨਰਪਿੰਦਰ ਸਿੰਘ ਪੁਤਰ ਕੇਵਲ ਸਿੰਘ ਅਤੇ ਇਕ ਹੋਰ ਨਾਮਲੂਮ ਵਿਅਕਤੀ ਤੋਂ 13 ਅਪ੍ਰੈਲ ਨੂੰ ਤਲਾਸ਼ੀ ਦੌਰਾਨ 5 ਮੋਬਾਇਲ ਫੋਨ ਬੈਟਰੀ ਅਤੇ ਚਾਰਜਰ ਬਰਾਮਦ ਹੋਏ ਹਨ । ਥਾਣਾ ਕੈਂਟ ਦੇ ਸਹਾਇਕ ਥਾਣੇਦਾਰ ਲਖਵੀਰ ਸਿੰਘ ਨੇ ਦੱਸਿਆ ਕਿ ਸਹਾਇਕ ਸੁਪਰੀਡੈਂਟ ਜਗਤਾਰ ਸਿੰਘ ਦੀ ਸ਼ਿਕਾਇਤ ਤੇ ਉਕਤ ਕੈਦੀਆਂ ਅਤੇ ਹਵਾਲਾਤੀਆਂ ਖ਼ਿਲਾਫ਼ ਸੈਕਸ਼ਨ 52 ਏ ਜੇਲ੍ਹ ਐਕਟ ਤਹਿਤ ਪਰਚਾ ਦਰਜ ਕਰਕੇ ਅਗਲੀ ਕਾਰਵਾਈ ਆਰੰਭ ਦਿੱਤੀ ਹੈ ।

# ਹਜ਼ਾਰਾਂ ਲੀਟਰ ਨਾਜਾਇਜ਼ ਸ਼ਰਾਬ, ਸਣੇ ਤਿੰਨ ਕਾਬੂ



ਦਰਿਆ ਪਾਰ ਜ਼ੀਰੋ ਲਾਈਨ ਦੇ ਨੇੜਲੇ ਪਿੰਡ ਹਜ਼ਾਰਾ ਸਿੰਘ ਵਾਲਾ ਵਿਖੇ ਪੁਲਿਸ ਨੇ ਛਾਪੇਮਾਰੀ ਕਰਕੇ ਹਜ਼ਾਰਾਂ ਲੀਟਰ ਸ਼ਰਾਬ ਬਰਾਮਦ ਕੀਤੀ । ਇਸ ਸਬੰਧੀ ਪੁਲਿਸ ਅਧਿਕਾਰੀਆਂ ਨੇ ਸਪੱਸ਼ਟ ਕੀਤਾ ਕਿ ਤਿੰਨ ਮੁਲਜ਼ਮਾਂ ਵੱਲੋਂ ਕੱਚੀ ਸ਼ਰਾਬ ਕੱਢ ਕੇ ਉਸ ਨੂੰ ਅੱਗੇ ਸਪਲਾਈ ਕੀਤਾ ਜਾਣਾ ਸੀ। ਜਿਸ ਦੀ ਜਾਣਕਾਰੀ ਮਿਲਣ ▾ਤੇ ਤੁਰੰਤ ਕਾਰਵਾਈ ਕਰਕੇ ਮੁਲਜ਼ਮਾਂ ਨੂੰ ਕਾਬੂ ਕਰਕੇ ਨਜਾਇਜ਼ ਸ਼ਰਾਬ ਬਰਾਮਦ ਕੀਤੀ ਗਈ ਹੈ। ਪਿੰਡ ਹਜ਼ਾਰਾ ਸਿੰਘ ਵਾਲਾ ਤੋਂ ਬਰਾਮਦ ਕੀਤੀ ਨਜਾਇਜ਼ ਸ਼ਰਾਬ ਦੀ ਪੁਸ਼ਟੀ ਕਰਦਿਆਂ ਪੁਲਿਸ ਅਧਿਕਾਰੀਆਂ ਨੇ ਸਪੱਸ਼ਟ ਕੀਤਾ ਕਿ ਰਣਜੀਤ ਸਿੰਘ, ਲਖਵੀਰ ਸਿੰਘ ਅਤੇ ਬਲਬੀਰ ਸਿੰਘ ਜੋ ਚਾਂਦੀ ਵਾਲਾ, ਚੂਹੜੀ ਵਾਲਾ ਅਤੇ ਕਮਾਲੇ ਵਾਲਾ ਪਿੰਡ ਦੇ ਰਹਿਣ ਵਾਲੇ ਹਨ। ਵੱਲੋਂ ਹਜ਼ਾਰਾ ਸਿੰਘ ਵਾਲਾ ਦੇ ਉਸ ਇਲਾਕੇ ਵਿਚ ਜਾ ਕੇ ਸ਼ਰਾਬ ਕੱਢੀ ਜਾਂਦੀ ਸੀ। ਜਿਥੇ ਪੁਲਿਸ ਦਾ ਪਹੁੰਚ ਪਾਉਣਾ ਕਾਫੀ ਮੁਸ਼ਕਿਲ ਸੀ। ਉਨ੍ਹਾਂ ਦੱਸਿਆ ਕਿ ਉਕਤ ਮੁਲਜ਼ਮਾਂ ਦੀ ਇਤਲਾਹ ਮਿਲਣ ▾ਤੇ ਫਿਰੋਜ਼ਪੁਰ ਦੀ ਪੁਲਿਸ ਵੱਲੋਂ ਛਾਪੇਮਾਰੀ ਕਰਕੇ ਟਿਊਬਾਂ ਵਿਚ ਪੈਕ ਕੀਤੀ ਹਜ਼ਾਰਾਂ ਲੀਟਰ ਸ਼ਰਾਬ ਬਰਾਮਦ ਕੀਤੀ ਗਈ। ਜੋ ਇਨ੍ਹਾਂ ਨੇ ਅੱਗੇ ਵੇਚਣੀ ਸੀ।ਉਨ੍ਹਾਂ ਸਪੱਸ਼ਟ ਕੀਤਾ ਕਿ ਪੁਲਿਸ ਵੱਲੋਂ ਹਰ ਇਲਾਕੇ ▾ਚ ਪੈਨੀ ਨਜ਼ਰੀ ਟਿਕਾਈ ਹੋਈ ਹੈ ਅਤੇ ਕਿਸੇ ਵੀ ਗੈਰ ਕਾਨੂੰਨੀ ਕਾਰਜ ਨੂੰ ਸਿਰੇ ਨਹੀਂ ਲੱਗਣ ਦਿੱਤਾ ਜਾਵੇਗਾ।

# ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਨੇ ਉਖਾੜੇ ਚਿੱਪ ਵਾਲੇ ਮੀਟਰ




ਅੱਜ ਭਵਾਨੀਗੜ੍ਹ ਨੇੜਲੇ ਪਿੰਡ ਗਹਿਲਾਂ ਵਿਖੇ ਉਸ ਵੇਲੇ ਮਾਹੌਲ ਗਰਮ ਹੋ ਗਿਆ ਜਦੋਂ ਕਿਸਾਨ ਯੂਨੀਅਨ ਉਗਰਾਹਾਂ ਨੂੰ ਉੱਥੇ ਪਾਣੀ ਵਾਲੀ ਟੈਂਕੀ ਤੇ ਚਿੱਪ ਵਾਲੇ ਮੀਟਰ ਲੱਗਣ ਦੀ ਸੂਚਨਾ ਮਿਲੀ ਤਾਂ ਕਿਸਾਨ ਯੂਨੀਅਨ ਉਗਰਾਹਾਂ ਵੱਲੋਂ ਜਲ ਘਰ ਵਿਖੇ ਵੱਡੇ ਪੱਧਰ ਤੇ ਧਰਨਾ ਲਗਾਇਆ ਗਿਆ ਅਤੇ ਬਾਅਦ ਵਿਚ ਕਿਸਾਨ ਯੂਨੀਅਨ ਉਗਰਾਹਾਂ ਨੇ ਚਿੱਪ ਵਾਲਾ ਮੀਟਰ ਬਿਜਲੀ ਬੋਰਡ ਦੇ ਮੁਲਾਜ਼ਮ ਤੋਂ ਪਟਵਾ ਕੇ ਕੇਂਦਰ ਸਰਕਾਰ ਨੂੰ ਕਰਾਰਾ ਜਵਾਬ ਦਿੱਤਾ ।

ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਸੀਨੀਅਰ ਮੀਤ ਪ੍ਰਧਾਨ ਮਨਜੀਤ ਸਿੰਘ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਾਨੂੰ ਇਸ ਚਿੱਪ ਵਾਲੇ ਮੀਟਰਾਂ ਖ਼ਿਲਾਫ਼ ਵੱਡੇ ਪੱਧਰ ਤੇ ਤਿਆਰ ਰਹਿਣਾ ਚਾਹੀਦਾ ਹੈ ਕਿਉਂਕਿ ਕੇਂਦਰ ਸਰਕਾਰ ਤਿੰਨ ਮਹੀਨੇ ਦੇ ਵਿੱਚ ਵਿੱਚ ਪੰਜਾਬ ਦੇ ਸਾਰੇ ਮੀਟਰਾਂ ਨੂੰ ਚਿੱਪਾਂ ਵਾਲੇ ਮੀਟਰਾਂ ਵਿਚ ਤਬਦੀਲ ਕਰਕੇ ਉਨ੍ਹਾਂ ਦੀ ਚਾਬੀ ਪ੍ਰਾਈਵੇਟ ਹੱਥਾਂ ਚ ਦੇਣ ਦੀ ਤਿਆਰੀ ਕਰ ਰਹੀ ਹੈ , ਇਸ ਕਰਕੇ ਸਾਨੂੰ ਹੁਣ ਤੋਂ ਹੀ ਇਸ ਲੜਾਈ ਲਈ ਤਿਆਰ ਰਹਿਣਾ ਚਾਹੀਦਾ ਹੈ ਅਤੇ ਅਸੀਂ ਇਸ ਤਰ੍ਹਾਂ ਹੀ ਚਿੱਪ ਵਾਲੇ ਮੀਟਰ ਪੁਟਦੇ ਰਹਾਂਗੇ ਅਤੇ ਬਿਜਲੀ ਵਿਭਾਗ ਚ ਜਮ੍ਹਾਂ ਕਰਵਾਉਂਦੇ ਰਹਾਂਗੇ ।

# ਪੁਲਿਸ ਦੀ ਵਰਦੀ 'ਚ ਆਏ ਚਾਰ ਲੁਟੇਰਿਆਂ ਵੱਲੋਂ ਨੌਜਵਾਨਾਂ ਤੋਂ ਲੱਖਾਂ ਦੀ ਲੁੱਟ

**ਬਠਿੰਡਾ/ਲੋਕ ਬਾਣੀ**

ਬਠਿੰਡਾ ਵਿੱਚ ਫਿਲਮੀ ਸਟਾਇਲ ਵਿੱਚ ਲੱਖਾਂ ਦੀ ਲੁੱਟ ਨੂੰ ਅੰਜਾਮ ਦਿੱਤਾ ਗਿਆ। ਬਠਿੰਡਾ ਦੇ ਇੱਕ ਨਿਜੀ ਹੋਟਲ ਵਿੱਚ ਚਾਰ ਲੁਟੇਰਿਆਂ ਨੇ 42 ਲੱਖ ਦੀ ਲੁੱਟ ਨੂੰ ਅੰਜਾਮ ਦਿੱਤਾ ਹੈ। ਜਾਣਕਾਰੀ ਅਨੁਸਾਰ ਘਟਨਾ ਸ਼ਨੀਵਾਰ ਸਵੇਰੇ ਵਾਪਰੀ। ਇਹ ਘਟਨਾ ਹੋਟਲ ਵਿੱਚ ਲੱਗੇ ਸੀਸੀਟੀਵੀ ਕੈਮਰੇ ਵਿੱਚ ਕੈਦ ਹੋ ਗਈ। ਪੁਲਿਸ ਨੂੰ ਸ਼ਿਕਾਇਤ ਦੇ ਦਿੱਤੀ ਗਈ ਹੈ, ਜਿਸ ਦੀ ਜਾਂਚ ਕੀਤੀ ਜਾ ਰਹੀ ਹੈ।

ਪੁਲਿਸ ਨੂੰ ਦਿੱਤੀ ਜਾਣਕਾਰੀ ਵਿੱਚ ਪਟਿਆਲਾ ਵਾਸੀ ਗੁਰਪ੍ਰੀਤ ਸਿੰਘ, ਫਰੀਦਕੋਟ ਵਾਸੀ ਵਰਿੰਦਰ ਸਿੰਘ ਅਤੇ ਲੁਧਿਆਣਾ ਵਾਸੀ ਨਿਸ਼ਾਨ ਸਿੰਘ ਨੇ ਦੱਸਿਆ ਕਿ ਉਹ ਹੋਟਲ ਦੇ ਕਮਰੇ ਨੰਬਰ 203 ਅਤੇ 204 ਵਿੱਚ ਠਹਿਰੇ ਹੋਏ ਸਨ। ਉਨ੍ਹਾਂ ਕੋਲ 42 ਲੱਖ ਰੁਪਏ ਸਨ, ਜੋ ਉਨ੍ਹਾਂ ਨੇ ਜੈਪੁਰ ਦੇ ਇਕ ਵਿਅਕਤੀ ਨੂੰ ਦੇਣੇ ਸਨ। ਰਾਤ ਨੂੰ ਚਾਰ ਵਿਅਕਤੀ ਆਏ, ਜਿਨ੍ਹਾਂ ਵਿੱਚੋਂ 2 ਨੇ ਪੁਲਿਸ ਦੀ ਵਰਦੀ ਪਾਈ ਹੋਈ ਸੀ। ਉਹ ਉਨ੍ਹਾਂ ਤੋਂ ਪੈਸੇ ਲੈ ਕੇ ਦੋਵਾਂ ਨੂੰ ਆਪਣੇ ਨਾਲ ਲੈ ਗਿਆ। ਕੁਝ ਦੂਰ ਜਾਣ ਤੋਂ ਬਾਅਦ ਉਹ ਮਲੋਟ ਰੋਡ @ਤੇ ਕਾਰ ਛੱਡ ਕੇ ਫ਼ਰਾਰ ਹੋ ਗਏ। ਪੁਲਿਸ ਵੱਲੋਂ ਮਾਮਲਾ ਦਰਜ ਕਰ ਲਿਆ ਹੈ। ਸੀਸੀਟੀਵੀ ਦੀ ਜਾਂਚ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਭਾਰਤ ਸਰਕਾਰ ਵੱਲੋਂ ਰਿਹਾਅ ਕੀਤੇ ਦੋ ਪਾਕਿਸਤਾਨੀ ਕੈਦੀ ਵਤਨ ਪਰਤੇ



ਰੋਜ਼ਾਨਾ ਲੋਕ ਬਾਣੀ

**ਅਟਾਰੀ/ਲੋਕ ਬਾਣੀ**

ਭਾਰਤ ਸਰਕਾਰ ਵੱਲੋਂ ਕੇਂਦਰੀ ਜ਼ੇਲ੍ਹ ਅੰਮ੍ਰਿਤਸਰ ਤੋਂ ਰਿਹਾਅ ਕੀਤੇ ਦੋ ਪਾਕਿਸਤਾਨੀ ਕੈਦੀ ਅੱਜ ਬਾਅਦ ਅਟਾਰੀ-ਵਾਹਗਾ ਸਰਹੱਦ ਦੇ ਰਸਤੇ ਵਤਨ ਪਰਤੇ। ਅਟਾਰੀ-ਵਾਹਗਾ ਸਰਹੱਦ ਵਿਖੇ ਪਾਕਿਸਤਾਨੀ ਮੂਲ ਦੇ ਇਨ੍ਹਾਂ ਕੈਦੀਆਂ ਨੂੰ ਬੀਐੱਸਐੱਫ ਦੇ ਇੰਸਪੈਕਟਰ ਬੀਐੱਲ ਮੀਨਾ 144 ਬਟਾਲੀਅਨ ਵੱਲੋਂ ਪਾਕਿਸਤਾਨ ਰੇਂਜਰਜ਼ ਦੇ ਡਿਪਟੀ ਸੁਪਰਡੈਂਟ ਰਾਣਾ ਅਦੀਬ ਦੇ ਹਵਾਲੇ ਕੀਤਾ ਗਿਆ। ਇਸ ਮੌਕੇ ਸਰਹੱਦ ਦੇ ਦੋਵੇਂ ਪਾਸੇ ਕਸਟਮ ਤੇ ਇਮੀਗ੍ਰੇਸ਼ਨ ਦੇ ਅਧਿਕਾਰੀ ਹਾਜ਼ਰ ਸਨ। ਕੇਂਦਰੀ ਜ਼ੇਲ੍ਹ ਅੰਮ੍ਰਿਤਸਰ ਤੋਂ ਰਿਹਾਅ ਹੋ ਕੇ ਵਤਨ ਪਰਤੇ ਪਾਕਿਸਤਾਨੀ ਕੈਦੀਆਂ ਵਿੱਚ ਸਰਵਰ ਬੇਗ ਵਾਸੀ ਲੁਹਾਰ ਝੁੱਗੀਆਂ ਅਤੇ ਮੁਹੰਮਦ ਆਸਿਫ਼ ਵਾਸੀ ਜੱਲੂਕੇ, ਜ਼ਿਲ੍ਹਾ ਕਸੂਰ ਦੇ ਰਹਿਣ ਵਾਲੇ ਸਨ। ਵਤਨ ਪਰਤੇ ਪਾਕਿਸਤਾਨੀ ਕੈਦੀ ਭਾਰਤ-ਪਾਕਿਸਤਾਨ ਸਰਹੱਦ ਨੂੰ ਗੈਰਕਾਨੂੰਨੀ ਢੰਗ ਨਾਲ ਪਾਰ ਕਰਕੇ ਭਾਰਤੀ ਖੇਤਰ ਵਿੱਚ ਦਾਖਲ ਹੋਏ ਸਨ, ਜਿਨ੍ਹਾਂ ਨੂੰ ਕੇਂਦਰੀ ਜ਼ੇਲ੍ਹ ਅੰਮ੍ਰਿਤਸਰ ਵਿੱਚ ਸਜ਼ਾ ਪੂਰੀ ਕਰਨ ਬਾਅਦ ਰਿਹਾਅ ਕੀਤਾ ਗਿਆ।

# ਸ੍ਰੀ ਓਮ ਮੰਦਿਰ ਕਮੇਟੀ ਦਵਾਰਾ ਮੇਲੇ ਦੀ ਹੋਈ ਸੁਰਵਾਤ, ਇਲਾਕਾ ਵਿਧਯਾਇਕ ਦਲਜੀਤ ਸਿੰਘ ਭੋਲਾ ਗਰੇਵਾਲ ਵਲੋ ਕਿਤਾ ਗਿਆ ਰਿਬਨ ਕਟਕੇ ਉਦਘਾਟਨ



ਲੁਧਿਆਣਾ/ਸੁਖਚੈਨ ਮਹਿਰਾ

ਚੰਡੀਗੜ੍ਹ ਰੋਡ ਗਲਾਡਾ ਗ੍ਰਾਊਡ ਵਿਚ ਸ਼੍ਰੀ ਓਮ ਮੰਦਿਰ ਕਮੇਟੀ ਦੇ ਸਹਿਯੋਗ ਨਾਲ ਮੇਲਾ ਪੌਣਾਹਾਰੀ ਦਾ ਕਰਵਾਇਆ ਗਿਆ ਜਿਸ ਵਿਚ ਮੁਖੀਆ ਮੇਹਮਾਨ ਇਲਾਕਾ ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲ਼ਾ ਨੇ ਰਿਬਨ ਕੱਟ ਕੇ ਮੇਲੇ ਦਾ ਉਦਘਾਟਨ ਕੀਤਾ ਜਾਣਕਾਰੀ ਦੇਦੇ ਹੋਏ ਮੇਲਾ ਪ੍ਰਬੰਧਕ ਅਨਿਲ ਸਰਸਵਾਲ ਅਤੇ ਅਸ਼ੋਕ ਸਰਸਵਾਲ ਨੇ ਦਸਇਆ ਕਰੋਨਾ ਕਾਲ ਦੇ ਚਲਦਿਆਂ ਮੇਲੇ ਬੰਦ ਕਰ ਦਿਤੇ ਗਏ ਸਨ, ਜਿਸ ਕਾਰਨ ਬੱਚਿਆਂ ਨੌਜਵਾਨਾਂ ਅਤੇ ਬਜ਼ੁਰਗਾਂ ਦਾ ਮਨੋਰੰਜਨ ਨਹੀਂ ਕਰ ਪਾਏ, ਮੇਲੇ ਵਿਚ ਬੱਚਿਆਂ ਲਯੀ ਨਵੇ ਝੂਲੇ, ਕਿਸ਼ਤੀ, ਟਾਵਰ,ਖਿਲਣੇ,ਅਤੇ ਘਰ ਦੀ ਜਰੂਰਤ ਦਾ ਸਮਾਨ ਰੱਖਿਆ ਗਿਆ ਹੈ, ਮੇਲੇ ਵਿਚ ਆਕੇ ਪਰਿਵਾਰ ਸਮੇਤ ਆਨੰਦ ਉਠਾ ਸਕਦੇ ਹਨ ➧

ਓਥੇ ਹੀ ਹਲਕਾ ਵਿਧਾਇਕ ਵਲੋਂ ਵੀ ਮੇਲੇ ਦੀ ਸਹਾਰਨਾ ਕਰਦੇ ਹੋਏ ਕਿਹਾ ਹਰੀ ਓਮ ਮੰਦਿਰ ਕਮੇਟੀ ਵਲੋਂ 24ਵਾ ਮੇਲਾ ਕਰਵਾਇਆ ਗਿਆ ਪਿਛਲੇ ਸਮਏ ਕਰੋਨਾ ਕਾਲ ਦੇ ਚਲਦਿਆਂ ਮੇਲੇ ਜਗਰਾਤੇ ਧਾਰਮਿਕ ਪ੍ਰੋਗਰਾਮ ਬੰਦ ਕਰ ਦਿਤੇ ਸਨ ਪਰਮਾਤਮਾ ਕੋਲ ਅਰਦਾਸ ਕਰਦਿਆਂ ਵਿਧਾਇਕ ਭੋਲੇ ਨੇ ਕਿਹਾ ਇਲਾਕਾ ਵਾਸੀਆਂ ਨੇ ਸਾਨੂੰ ਬਡੀ ਲੀਡ ਨਾਲ ਜਿਤਾਇਆ ਹੈ ਅੱਜ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਪੰਜਾਬੀਆਂ ਨੇ ਇਤਿਹਾਸ ਰਚਿਆ ਹੈ ਪੰਜਾਬੀ ਅਤੇ ਪਰਿਵਾਸੀ ਸਰਕਾਰ ਬਣਨ ਤੇ ਖੁਸ਼ ਹਨ ਹੁਣ ਮਿਲਕੇ ਅਪਣੇ ਇਲਾਕੇ ਅਤੇ ਪੰਜਾਬ ਦੀ ਸੇਵਾ ਕਰਾਂਗੇ ➧ ਇਸ ਮੌਕੇ ਤੇ ਪ੍ਰਵੀਨ ਗੋਧਰਾ,ਅਸ਼ੋਕ ਸ਼੍ਰਸਵਾਲ,ਅਨਿਲ ਸਰਸਵਾਲ,ਅਮਰਜੀਤ ਸਿੰਘ, ਅੰਕੁਸ਼ ਸੇਠੀ,ਰਾਜਕੁਮਾਰ ਸ਼ਰਮਾ,ਅਸ਼ਵਨੀ ਸਹੋਤਾ,ਬਲਵੀਰ ਸਿੰਘ ਮੌਜੂਦ ਸਨ।

# ਪੰਜਾਬ ਸਰਕਾਰ ਨੇ ਬਿਜਲੀ ਮੁਆਫ਼ੀ ਦਾ ਐਲਾਨ ਕਰਕੇ ਵਾਅਦਾ ਨਿਭਾਇਆ-ਬੀਬੀ ਮਾਣੂੰਕੇ

ਪੰਜਾਬ ਸਰਕਾਰ ਨੇ 2022 ਦੀਆਂ ਵਿਧਾਨ ਸਭਾ ਚੋਣਾ ਤੋਜ਼ ਪਹਿਲਾਂ ਲੋਕਾਂ ਨਾਲ ਵਾਅਦਾ ਕੀਤਾ ਸੀ ਕਿ ਪੰਜਾਬ ਅੰਦਰ ਸਰਕਾਰ ਬਣਨ ਤੋਜ਼ ਬਾਅਦ ਹਰ ਘਰ ॅ ਪ੍ਰਤੀ ਮਹੀਨਾਂ 300 ਯੂਨਿਟ ਬਿਜਲੀ ਮੁਆਫ਼ੀ ਦਿੱਤੀ ਜਾਵੇਗੀ. ਜਿਸ ਅਮਲੀ ਜਾਮਾ ਪਹਿਨਾਉਜ਼ਦਿਆਂ ਅੱਜ ਮਾਨਯੋਗ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਜੀ ਵੱਲੋਜ਼ 1 ਜੁਲਾਈ ਤੋਜ਼ ਬਿਜਲੀ ਮੁਆਫ਼ੀ ਦਾ ਐਲਾਨ ਕਰ ਦਿੱਤਾ ਹੈ ਅਤੇ ਪੰਜਾਬ ਦੀ ਇਮਾਨਦਾਰ ਸਰਕਾਰ ਨੇ ਲੋਕਾਂ ਨਾਲ ਕੀਤਾ ਵਾਅਦਾ ਵੀ ਪੂਰਾ ਕਰ ਦਿੱਤਾ ਹੈ. ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਜਗਰਾਉਜ਼ ਦੇ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕੀਤਾ. ਉਹਨਾਂ ਆਖਿਆ ਕਿ ਪੰਜਾਬ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਇਆ ਹੈ ਕਿ ਪੰਜਾਬ ਵਿੱਚ ਸਰਕਾਰ ਬਣਨ ਦੇ ਕੇਵਲ ਇੱਕ ਮਹੀਨੇ ਬਾਅਦ ਲੋਕਾਂ ਦੇ ਬੇਰੁਜ਼ਗਾਰ ਧੀਆਂ-ਪੁੱਤਰਾਂ ॅ ਨਿਯੁੱਕਤੀ ਪੱਤਰ ਦਿੱਤੇ ਹੋਣ. ਇਹ ਇਤਿਹਾਸ਼ਕ ਕੰਮ ਮਾਨਯੋਗ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਹੀ ਕਰ ਸਕਦੀ ਹੈ. ਕਿਉਜ਼ਕਿ ਪਿਛਲੇ 75 ਸਾਲਾਂ ਤੋਜ਼ ਅਕਾਲੀਆਂ ਤੇ ਕਾਂਗਰਸੀਆਂ ਦੀਆਂ ਸਰਕਾਰਾਂ ਨੇ ਪੰਜਾਬ ਵਾਸੀਆਂ ਨਾਲ ਹਮੇਸ਼ਾ ਧੋਖਾ ਹੀ ਕੀਤਾ ਹੈ ਅਤੇ ਰੁਜ਼ਗਾਰ ਦੀ ਮੰਗ ਕਰ ਰਹੇ ਲੋਕਾਂ ਦੇ ਧੀਆਂ ਪੁੱਤਰਾਂ ॅ ਡਾਂਗਾਂ ਨਾਲ ਕੁੱਟਿਆ ਤੇ ਸੜਕਾਂ ਉਪਰ ਘਸੀਟਕੇ ਬੇਇੱਜ਼ਤ ਕੀਤਾ ਹੈ. ਇਸੇ ਕਰਕੇ ਹੀ ਅੱਕੇ ਹੋਏ ਪੰਜਾਬ ਵਾਸੀਆਂ ਨੇ ਅਕਾਲੀਆਂ ਤੇ ਕਾਂਗਰਸੀਆਂ ਦੀ 0ਉਤਰ ਕਾਟੋ ਮੈਜ਼ ਚੜ੍ਹਾਂ# ਦੀ ਖੇਡ ॅ ਨਕਾਰਦੇ ਹੋਏ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਕੇ ਨਵੇਜ਼ ਸੂਰਜ ਦਾ ਅਗਾਜ਼ ਕੀਤਾ ਹੈ. ਵਿਧਾਇਕਾ ਮਾਣੂੰਕੇ ਨੇ ਆਖਿਆ ਕਿ ਬਿਜਲੀ ਮੁਆਫ਼ੀ ਦੇ ਐਲਾਨ ਨਾਲ ਹੁਣ ਇੱਕ ਜੁਲਾਈ ਤੋਜ਼ ਹਰ ਪਰਿਵਾਰ ॅ 600 ਯੂਨਿਟ ਬਿਜਲੀ ਮੁਫ਼ਤ ਮਿਲੇਗੀ, 2 ਕਿਲੋ ਵਾਟ ਤੱਕ ਦੇ ਬਿਜਲੀ ਖਪਤਕਾਰਾਂ ਦੇ 31 ਦਸੰਬਰ ਤੱਕ ਦੇ ਸਾਰੇ ਬਕਾਏ ਮੁਆਫ਼ ਕੀਤੇ ਗਏ ਹਨ, ਪਛੜੇ ਅਤੇ ਲੋੜਵੰਦ ਵਰਗਾਂ ਨਾਲ ਸਬੰਧਿਤ ਪਰਿਵਾਰਾਂ ਦਾ 2 ਮਹੀਨਿਆਂ #ਚ 600 ਯੂਨਿਟ ਬਿਜਲੀ ਖਪਤ ਤੋਜ਼ ਬਾਅਦ ਖਪਤ ਹੋਈਆਂ ਯੂਨਿਟਾਂ ਦਾ ਹੀ ਬਿਲ ਆਵੇਗਾ, ਖੇਤੀਬਾੜੀ ਸੈਕਟਰ ਬਿਜਲੀ ਸਬਸਿਡੀ ਜਾਰੀ ਰਹੇਗੀ, ਉਦਯੋਗਿਕ ਅਤੇ ਵਪਾਰਿਕ ਕੰਮਾਂ ਲਈ ਬਿਜਲੀ ਦਰਾਂ ਵਿੱਚ ਕੋਈ ਵੀ ਵਾਧਾ ਨਹੀਜ਼ ਕੀਤਾ ਗਿਆ ਅਤੇ ਉਹਨਾਂ ॅ ਬਿਜਲੀ ਪੁਰਾਣੀਆਂ ਦਰਾਂ ਤੇ ਹੀ ਮਿਲੇਗੀ. ਉਹਨਾਂ ਕਿਹਾ ਕਿ ਇਹ ਐਲਾਨ ਕਰਕੇ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਵਾਅਦਿਆਂ ਤੇ ਜ਼ੁਬਾਨ ਦੀ ਪੱਕੀ ਹੋਣ ਦਾ ਸਬੂਤ ਦਿੱਤਾ ਹੈ. ਇਸ ਮੌਕੇ ਉਹਨਾਂ ਦੇ ਨਾਲ ਪ੍ਰੋਫੈਸਰ ਸੁਖਵਿੰਦਰ ਸਿੰਘ, ਅਮਰਦੀਪ ਸਿੰਘ ਟੂਰੇ, ਕੁਲਵਿੰਦਰ ਸਿੰਘ ਕਾਲਾ, ਪ੍ਰੀਤਮ ਸਿੰਘ ਅਖਾੜਾ, ਗੁਰਪ੍ਰੀਤ ਸਿੰਘ ਨੋਨੀ, ਸਰਪੰਚ ਗੁਰਨਾਮ ਸਿੰਘ ਭੈਣੀ, ਗੋਪੀ ਸ਼ਰਮਾਂ, ਸੋਨੀ ਕਾਉਜ਼ਕੇ, ਛਿੰਦਰਪਾਲ ਸਿੰਘ ਮੀਨੀਆਂ, ਸਰਪੰਚ ਸੁਰਜੀਤ ਸਿੰਘ ਜਨੇਤਪੁਰਾ, ਸਨੀ ਬੱਤਰਾ, ਹਿੰਮਤ ਵਰਮਾਂ ਆਦਿ ਵੀ ਹਾਜ਼ਰ ਸਨ।

# ਕਣਕ ਦੀ ਆਮਦ ਵਿਚ ਤੇਜ਼ੀ-ਡਿਪਟੀ ਕਮਿਸ਼ਨਰ ਵਲੋਂ ਚੁਕਾਈ ਨਾਲੋ-ਨਾਲ ਯਕੀਨੀ ਬਣਾਉਣ ਦੇ ਹੁਕਮ

## 39689 ਮੀਟਰਕ ਟਨ ਦੀ ਕਣਕ ਦੀ ਖਰੀਦ-ਕਿਸਾਨਾਂ ਨੂੰ 14.67 ਕਰੋੜ ਰੁਪਏ ਦੀ ਕੀਤੀ ਅਦਾਇਗੀ



ਗੁਰਦਾਸਪੁਰ/ਨਵਨੀਤ ਕੁਮਾਰ

ਡਿਪਟੀ ਕਮਿਸ਼ਨਰ ਜਨਾਬ ਮੁਹੰਮਦ ਇਸ਼ਫਾਕ ਨੇ ਖਰੀਦ ਏਜੰਸੀਆਂ, ਮੰਡੀ ਬੋਰਡ ਤੇ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਨੂੰ ਕਿਹਾ ਕਿ ਉਹ ਮੰਡੀਆਂ ਵਿਚ ਕਣਕ ਦੀ ਆਮਦ ਵਿਚ ਤੇਜ਼ੀ ਦੇ ਮੱਦੇਨਜ਼ਰ ਕਣਕ ਦੀ ਚੁਕਾਈ ਨਾਲੋ-ਨਾਲ ਕਰਨੀ ਯਕੀਨੀ ਬਣਾਉਣ। ਕਣਕ ਦੀ ਖਰੀਦ ਪ੍ਰਕਿਰਿਆ ਦਾ ਜਾਇਜ਼ ਲੈਂਦੇ ਹੋਏ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲੇ ਵਿਚ 39689 ਮੀਟਰਕ ਟਨ (15 ਅਪ੍ਰੈਲ ਤਕ) ਕਣਕ ਦੀ ਖਰੀਦ ਹੋਈ ਹੈ। ਪਨਗਰੇਨ ਵਲੋਂ 13103, ਮਾਰਕਫੈੱਡ ਵਲੋਂ 8723, ਪਨਸਪ ਵਲੋਂ 6945, ਵੇਅਰਹਾਊਸ ਵਲੋਂ 7886, ਐਫ.ਸੀ.ਆਈ ਵਲੋਂ 3021 ਕਣਖ ਦੀ ਖਰੀਦ ਕੀਤੀ ਜਾ ਚੁੱਕੀ ਹੈ। ਮੰਡੀਆਂ ਵਿਚ 43 ਫੀਸਦ ਕਣਕ ਦੀ ਲਿਫਟਿੰਗ ਅਤੇ ਕਿਸਾਨਾਂ ਨੂੰ 14.67 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ।

ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਕਣਕ ਦੀ ਲਿਫਟਿੰਗ ਵੱਲ ਵਿਸ਼ੇਸ ਤਵੱਜੋ ਦੇਣ ਅਤੇ ਨਾਲ ਹੀ ਉਨਾਂ ਕਿਹਾ ਕਿ ਫਸਲ ਦੀ ਅਦਾਇਗੀ ਕਿਸਾਨਾਂ ਨੂੰ ਨਾਲੋ-ਨਾਲ ਕਰਨ ਨੂੰ ਹਰ ਹਾਲਤ ਵਿਚ ਯਕੀਨੀ ਬਣਾਉਣ। ਉਨਾਂ ਮਾਰਕਫੈੱਡ, ਪਨਸਪ, ਆਫ.ਸੀ.ਆਈ ਤੇ ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਨੂੰ ਕਿਹਾ ਕਿ ਉਹ ਕਿਸਾਨਾਂ ਨੂੰ ਅਦਾਇਗੀ ਦੇ ਕੰਮ ਦੀ ਨਿੱਜੀ ਤੋਰ 'ਤੇ ਨਿਗਰਾਨੀ ਕਰਨ ਤਾਂ ਜੋ ਕਿਸਾਨਾਂ ਨੂੰ ਕਿਸੇ ਕਿਸਮ ਦੀ ਕੋਈ ਮੁਸ਼ਕਿਲ ਪੇਸ਼ ਨਾ ਆਵੇ।

ਉਨਾਂ ਅੱਗੇ ਦੱਸਿਆ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ ਹਨ ਅਤੇ ਜਿਲੇ ਵਿਚ ਤਾਇਨਾਤ ਸੈਕਟਰ ਅਧਿਕਾਰੀਆਂ ਵਲੋਂ ਰੋਜਾਨਾ ਮੰਡੀਆਂ ਦਾ ਦੋਰਾ ਕੀਤਾ ਜਾ ਰਿਹਾ ਹੈ ਤਾਂ ਜੋ ਮੰਡੀਆਂ ਵਿਚ ਕਿਸਾਨਾਂ ਨੂੰ ਕਿਸੇ ਕਿਸਮ ਦੀ ਕੋਈ ਪ੍ਰੇਸ਼ਾਨੀ ਨਾ ਆਵੇ। ਸੈਕਟਰ ਅਫਸਰ ਵਲੋਂ ਮੰਡੀਆਂ ਵਿਚ ਕਣਕ ਦੀ ਆਮਦ ਲਈ ਲੋੜੀਦੇ ਪ੍ਰਬੰਧ ਕਰਨ, ਕਣਕ ਦੀ ਖਰੀਦ ਪ੍ਰਕਿਰਿਆ ਸਬੰਧੀ, ਲੇਬਰ ਤੇ ਟਰਾਂਸਪੋਰਟ ਰਾਹੀ ਢੋਆ-ਢੁਆਈ ਆਦਿ ਦੇ ਪ੍ਰਬੰਧ ਦੀ ਨਿਗਰਾਨੀ ਕੀਤੀ ਜਾ ਰਹੀ ਹੈ ਤੇ ਮੰਡੀਆਂ ਵਿਚ ਕਿਸਾਨਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ, ਨੂੰ ਯਕੀਨੀ ਬਣਾਇਆ ਗਿਆ ਹੈ।

# ਸੀਪੀ ਦਫਤਰ ਬਾਹਰ ਧਰਨੇ ਤੋਂ ਪਹਿਲਾਂ ਹੀ ਪੱਤਰਕਾਰ 'ਤੇ ਹਮਲੇ ਦੇ ਮਾਮਲੇ 'ਚ ਪੁਲਿਸ ਦੀ ਵੱਡੀ ਕਾਰਵਾਈ ਨਸ਼ਾ ਤਸਕਰ ਅਤੇ ਪਤਨੀ ਤੇ ਪਰਚਾ ਦਰਜ

## ਸੀਪੀ ਨੇ ਸਮਾਜ ਸੇਵੀਆਂ ਅਤੇ ਪੱਤਰਕਾਰ ਭਾਈਚਾਰੇ ਨਾਲ ਦਫਤਰ ਤੋਂ ਬਾਹਰ ਆ ਕੇ ਕੀਤੀ ਮੁਲਾਕਾਤ

ਲੁਧਿਆਣਾ/ਸੁਖਚੈਨ ਮਹਿਰਾ

ਬੀਤੇ ਦਿਨੀਂ ਨਸ਼ਾ ਤਸਕਰਾਂ ਖਿਲਾਫ ਵੱਡੀ ਮੁਹਿੰਮ ਛੇੜਨ ਵਾਲੇ ਸੀਨੀਅਰ ਪੱਤਰਕਾਰ ਗੁਰਪ੍ਰੀਤ ਸਿੰਘ ਮਹਿਦੂਦਾਂ ਉੱਤੇ ਹਮਲਾ ਕਰਨ ਵਾਲੇ ਮੁੱਖ ਤਸਕਰ ਰਣਧੀਰ ਸਿੰਘ ਅਤੇ ਉਸਦੀ ਪਤਨੀ ਲਖਵਿੰਦਰ ਕੌਰ ਉੱਤੇ ਅੱਜ ਪੁਲਸ ਕਮਿਸ਼ਨਰ ਦੇ ਦਫਤਰ ਦੇ ਬਾਹਰ ਧਰਨਾ ਲੱਗਣ ਤੋਂ ਪਹਿਲਾਂ ਹੀ ਥਾਣਾ ਜਮਾਲਪੁਰ ਦੀ ਪੁਲਸ ਨੇ ਵੱਡੀ ਕਾਰਵਾਈ ਕਰਦਿਆਂ ਰਾਤ ਨੂੰ ਹੀ ਪਰਚਾ ਦਰਜ ਕਰ ਦਿੱਤਾ। ਪਰ ਧਾਰਾਵਾਂ ▾ਚ ਵਾਧੇ ਨੂੰ ਲੈ ਕੇ ਗੁਰਪ੍ਰੀਤ ਸਿੰਘ ਮਹਿਦੂਦਾਂ ਅੱਜ ਨਸ਼ਿਆ ਖਿਲਾਫ ਕਈ ਸਾਲਾਂ ਤੋਂ ਲੜਾਈ ਲੜ ਰਹੀ ਲੋਕ ਸੰਘਰਸ਼ ਕਮੇਟੀ ਦੇ ਮੈਂਬਰਾਂ, ਪੱਤਰਕਾਰ ਭਾਈਚਾਰੇ ਅਤੇ ਬਹੁਜਨ ਸਮਾਜ ਪਾਰਟੀ ਦੇ ਆਗੂਆਂ ਨੂੰ ਨਾਲ ਲੈ ਕੇ ਪੁਲਸ ਕਮਿਸ਼ਨਰ ਲੁਧਿਆਣਾ ਸ਼੍ਰੀ ਸ਼ਰਮਾ ਨੂੰ ਮਿਲੇ ਜਿਨ੍ਹਾਂ ਅਪਣੇ ਦਫਤਰ ਤੋਂ ਬਾਹਰ ਆ ਕੇ ਸਾਰੇ ਵਫਦ ਨਾਲ ਮੁਲਾਕਾਤ ਕੀਤੀ। ਪੱਤਰਕਾਰ ਮਹਿਦੂਦਾਂ ਨੇ ਸਾਰੇ ਮਾਮਲੇ ਤੋਂ ਪੁਲਸ ਕਮਿਸ਼ਨਰ ਸ਼੍ਰੀ ਸ਼ਰਮਾ ਨੂੰ ਜਾਣੂ ਕਰਵਾਇਆ ਅਤੇ ਰਣਧੀਰ ਸਿੰਘ ਅਤੇ ਉਸਦੀ ਪਤਨੀ ਲਖਵਿੰਦਰ ਕੌਰ ਉੱਤੇ ਦਰਜ ਮਾਮਲੇ ਦੀਆਂ ਧਾਰਾਵਾਂ ▾ਚ ਵਾਧਾ ਕਰਕੇ ਗ੍ਰਿਫਤਾਰੀ ਦੀ ਮੰਗ ਕੀਤੀ। ਪੁਲਸ ਕਮਿਸ਼ਨਰ ਨੇ ਜਿੱਥੇ ਉਨ੍ਹਾਂ ਨੂੰ ਮੰਗਾਂ ਮੰਨਣ ਦਾ ਭਰੋਸਾ ਦਿੱਤਾ ਉੱਥੇ ਹੀ ਕਿਹਾ ਕਿ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਮੇਰੇ ਵੱਲੋਂ ਪਹਿਲਾਂ ਹੀ ਜੁਆਇੰਟ ਕਮਿਸ਼ਨਰ ਰਵਚਰਨ ਸਿੰਘ ਬਰਾੜ ਨੂੰ ਮਾਮਲਾ ਸੌਂਪ ਦਿੱਤਾ ਗਿਆ ਹੈ। ਤੁਸੀਂ ਉਨ੍ਹਾਂ ਨੂੰ ਮਿਲ ਕੇ ਕਾਰਵਾਈ ਅੱਗੇ ਵਧਾ ਸਕਦੇ ਹੋ। ਉਨ੍ਹਾਂ ਕਿਹਾ ਕਿ ਕਿਸੇ ਵੀ ਪ੍ਰਕਾਰ ਦੀ ਅਸੰਤੁਸ਼ਟੀ ▾ਤੇ ਮੈਨੂੰ ਕਿਸੇ ਵੀ ਸਮੇਂ ਦੁਬਾਰਾ ਮਿਲ ਸਕਦੇ ਹੋ। ਗੁਰਪ੍ਰੀਤ ਸਿੰਘ ਮਹਿਦੂਦਾਂ ਨੇ ਰਵਚਰਨ ਸਿੰਘ ਬਰਾੜ ਨਾਲ ਵੀ ਮੁਲਕਾਤ ਕੀਤੀ ਜਿਨ੍ਹਾਂ ਸ੍



ਮਹਿਦੂਦਾਂ ਨੂੰ ਕਿਹਾ ਕਿ ਮੁਕੱਦਮਾ ਰਾਤੀਂ ਹੀ ਦਰਜ ਕਰ ਦਿੱਤਾ ਗਿਆ ਸੀ ਅਤੇ ਚੌਂਕੀ ਇੰਚਾਰਜ ਨੂੰ ਵੀ ਲਾਈਨ ਹਾਜਰ ਕਰ ਦਿੱਤਾ ਗਿਆ। ਉਨ੍ਹਾਂ ਭਰੋਸਾ ਦਿੱਤਾ ਕਿ ਪੁਲਸ ਨਸ਼ਿਆ ਖਿਲਾਫ ਲੜਾਈ ਲੜ੍ਹਨ ਵਾਲੇ ਹਰ ਵਿਆਕਤੀ ਦੇ ਨਾਲ ਹੈ ਅਤੇ ਇਸ ਮਾਮਲੇ ਵਿੱਚ ਵੀ ਪੂਰਾ ਇਨਸਾਫ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜਲਦ ਹੀ ਨਸ਼ਾ ਤਸਕਰਾਂ ਦਾ ਲੱਕ ਤੋੜ ਦਿੱਤਾ ਜਾਵੇਗਾ। ਗੁਰਪ੍ਰੀਤ ਸਿੰਘ ਮਹਿਦੂਦਾਂ ਨੇ ਦੋਵਾਂ ਅਫਸਰਾਂ ਦੇ ਦਿੱਤੇ ਭਰੋਸੇ ਨੂੰ ਕਬੂਲਦਿਆਂ ਅਪਣੇ ਸੰਘਰਸ਼ ਨੂੰ ਕਾਰਵਾਈ ਹੋਣ ਤੱਕ ਵਿਰਾਮ ਲਗਾਉਣ ਦੀ ਗੱਲ ਕਰਦਿਆਂ ਕਿਹਾ ਕਿ ਜੇਕਰ ਪੁਲਸ ਅਧਿਕਾਰੀਆਂ ਨੇ ਅਪਣਾ ਕੀਤਾ ਵਾਅਦਾ ਪੂਰਾ ਨਾ ਕੀਤਾ ਤਾਂ ਉਹ ਨਸ਼ਾ ਤਸਕਰਾਂ ਦੇ ਨਾਲ ਨਾਲ ਪੁਲਸ ਖਿਲਾਫ ਤਿੱਖਾ ਸੰਘਰਸ਼ ਸ਼ੁਰੂ ਕਰ ਦੇਣਗੇ। ਇਸ ਮੌਕੇ ਕਾਮਰੇਡ ਅਮਰਨਾਥ, ਗਿਆਨ ਸਿੰਘ ਮੰਡ, ਬਸਪਾ ਆਗੂ ਨਿਰਮਲ ਸਿੰਘ ਸਾਇਆਂ, ਕੁਲਦੀਪ ਸਿੰਘ ਕੀਪੀ ਭਾਮੀਆਂ, ਮਾਸਟਰ ਰਾਮਾਨੰਦ, ਦੀਪਕ, ਦਵਿੰਦਰ ਬਿੱਟੂ, ਭਜਨ ਸਿੰਘ, ਗੁਰਦਿਆਲ ਸਿੰਘ ਸਾਬਕਾ ਸਰਪੰਚ ਅਤੇ ਪੱਤਰਕਾਰ ਭਾਈਚਾਰਾ ਹਾਜਰ ਸੀ। ਨਸ਼ਾ ਤਸਕਰ ਔਰਤ ਲਖਵਿੰਦਰ ਕੌਰ ਵੱਲੋਂ ਅਪਣੀ ਫੇਸਬੁੱਕ ▾ਤੇ ਪਾਈ ਵੀਡੀਓ ਨੂੰ ਆੜੇ ਹੱਥੀਂ ਲੈਂਦਿਆਂ ਗੁਰਪ੍ਰੀਤ ਸਿੰਘ ਮਹਿਦੂਦਾਂ ਨੇ ਕਿਹਾ ਕਿਰਿਆ ਤੋਂ ਬਾਅਦ ਪ੍ਰਤੀਕਿਰਿਆ ਦਾ ਹੋਣਾ ਸੁਭਾਵਿਕ ਹੈ ਜਿਸਦੀ ਉਨ੍ਹਾਂ ਨੂੰ ਖੁਸ਼ੀ ਹੈ। ਉਨ੍ਹਾਂ ਦੋਸ਼ ਲਗਾਉਣ ਵਾਲੀ ਔਰਤ ਅਤੇ ਉਸਦੀ ਲੜਕੀ ਨੂੰ ਸੁਝਾਅ ਦਿੱਤਾ ਕਿ ਉਹ ਅਪਣੀ ਸ਼ਿਕਾਇਤ ਪੁਲਸ ਅਤੇ ਸਰਕਾਰ ਨੂੰ ਲਿਖਤੀ ਦੇਣ। ਉਨ੍ਹਾਂ ਪੁਲਸ ਦੇ ਅਧਿਕਾਰੀਆਂ ਨੂੰ ਅਪੀਲ ਵੀ ਕੀਤੀ ਕਿ ਇਸ ਉੱਤੇ ਬਿਨ੍ਹਾ ਦੇਰੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਮੈਂ ਅਜਿਹੀਆ ਗਿੱਦੜ ਭਬਕੀਆਂ ਤੋਂ ਡਰਨ ਵਾਲਾ ਨਹੀਂ ਅਤੇ ਨਸ਼ਿਆ ਖਿਲਾਫ ਅਪਣੀ ਜੰਗ ਜਾਰੀ ਰੱਖੇਗਾ। ਉਨ੍ਹਾਂ ਦੋਵਾਂ ਔਰਤਾਂ ਨੂੰ ਨੇਕ ਸਲਾਹ ਦਿੰਦਿਆਂ ਕਿਹਾ ਕਿ ਹੰਝੂ ਕੀ ਹੁੰਦੇ ਹਨ ਅਤੇ ਕਿਸ ਦਰਦ ਨਾਲ ਪੈਦਾ ਹੁੰਦੇ ਹਨ ਉਸਨੂੰ ਮਹਿਸੂਸ ਕਰਨ ਲਈ ਉਹ ਉਨ੍ਹਾਂ ਘਰਾਂ ਵਿੱਚ ਜਰੂਰ ਜਾਣ ਜਿਨ੍ਹਾਂ ਘਰਾਂ ਦੇ ਇੱਕਲੌਤੇ ਚਿਰਾਗ ਤੁਹਾਡੇ ਵੰਡੇ ਨਸ਼ਿਆ ਕਾਰਨ ਬੁੱਝ ਗਏ ਹਨ ਅਤੇ ਉਨ੍ਹਾਂ ਠੰਡੇ ਚੁੱਲਿਆਂ ਵਾਲੇ ਘਰਾਂ ▾ਚ ਸਥਾਈ ਮਾਤਮ ਛਾਇਆ ਹੋਇਆ ਹੈ।

# ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੇ ਕੇਜਰੀਵਾਲ ਵੱਲੋਂ ਮੁਫਤ ਬਿਜਲੀ ਦੇਣ ਦਾ ਵਾਅਦਾ ਪੂਰਾ ਕੀਤਾ



**ਗੁਰਦਾਸਪੁਰ/ਨਵਨੀਤ ਕੁਮਾਰ**

ਮੁੱਖ ਮੰਤਰੀ ਬਣਨ ਤੋਂ ਇੱਕ ਮਹੀਨੇ ਬਾਅਦ ਹੀ ਭਗਵੰਤ ਮਾਨ ਨੇ ਚੋਣਾਂ ਤੋਂ ਪਹਿਲਾਂ ਪੰਜਾਬੀਆਂ ਨੂੰ 300 ਯੂਨਿਟ ਬਿਜਲੀ ਮੁਫਤ ਦੇਣ ਦਾ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਵੱਲੋਂ ਕੀਤਾ ਵਾਅਦਾ ਪੂਰਾ ਕਰ ਦਿੱਤਾ ਹੈ। ਇਸ ਖੁਸ਼ੀ ਵਿੱਚ ਅੱਜ ਗੁਰਦਾਸਪੁਰ ਵਿੱਚ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਰਮਨ ਬਹਿਲ ਦੇ ਗ੍ਰਹਿ ਵਿਖੇ ਵਧਾਈਆਂ ਦੇਣ ਵਾਲਿਆਂ ਦਾ ਮੇਲਾ ਲੱਗਾ ਰਿਹਾ। ਸ੍ਰੀ ਬਹਿਲ ਨੂੰ ਵਧਾਈ ਦੇਣ ਲਈ ਪੁੱਜੇ ਵਰਕਰਾਂ ਨੇ ਢੋਲ ਦੀ ਥਾਪ 'ਤੇ ਭੰਗੜਾ ਪਾ ਕੇ ਮੁੱਖ ਮੰਤਰੀ ਦੇ 1 ਜੁਲਾਈ ਤੋਂ ਮੁਫ਼ਤ ਬਿਜਲੀ ਦੇਣ ਦੇ ਵਾਅਦੇ ਨੂੰ ਲਾਗੂ ਕਰਨ ਦੇ ਐਲਾਨ ਦਾ ਸਵਾਗਤ ਕੀਤਾ। ਇਸ ਮੌਕੇ ਰਮਨ ਬਹਿਲ ਸਾਬਕਾ ਚੇਅਰਮੈਨ ਐਸ ਐਸ ਐਸ ਬੋਰਡ ਪੰਜਾਬ ਨੇ ਕਿਹਾ ਕਿ ਆਮ ਆਦਮੀ ਪਾਰਟੀ ਰਵਾਇਤੀ ਪਾਰਟੀਆਂ ਨਾਲੋਂ ਵੱਖਰੀ ਮੰਨੀ ਜਾਂਦੀ ਹੈ ਕਿਉਂਕਿ ਉਹ ਚੋਣ ਵਾਅਦਿਆਂ ਦੀ ਬਿਆਨਬਾਜ਼ੀ ਨੂੰ ਪ੍ਰਵਾਨ ਨਹੀਂ ਕਰਦੀ ਸਗੋਂ ਵਾਅਦੇ ਦੀ ਥਾਂ ਗਾਰੰਟੀ ਸ਼ਬਦ ਦੀ ਵਰਤੋਂ ਕਰਦੀ ਹੈ। ਉਨ੍ਹਾਂ ਕਿਹਾ ਕਿ ਇਹ ਪੰਜਾਬੀਆਂ ਲਈ ਵੱਡੀ ਰਾਹਤ ਦੀ ਗੱਲ ਹੈ ਅਤੇ ਪੰਜਾਬ ਇਸ ਤੋਂ ਬਾਅਦ ਸਾਰੀਆਂ ਗਾਰੰਟੀਆਂ ਪੂਰੀਆਂ ਕਰਨ ਦਾ ਭਰੋਸਾ ਰੱਖਦਾ ਹੈ। ਸ੍ਰੀ ਬਹਿਲ ਨੇ ਕਿਹਾ ਕਿ ਪੰਜਾਬ ਵਿੱਚ ਇੱਕ ਨਵਾਂ ਯੁੱਗ ਪਰਤਿਆ ਹੈ। 25,000 ਨਵੀਆਂ ਨੌਕਰੀਆਂ ਦੀ ਵਿਵਸਥਾ ਕੀਤੀ ਗਈ ਹੈ ਅਤੇ ਇਸ ਦੇ ਨਾਲ ਹੀ ਕੱਚੇ ਕਾਮਿਆਂ ਨੂੰ ਪੱਕਾ ਕਰਨ ਦੀ ਪ੍ਰਕਿਰਿਆ ਵੀ ਚੱਲ ਰਹੀ ਹੈ। ਪੰਜਾਬ ਵਿੱਚ ਅਮਨ-ਕਾਨੂੰਨ ਦੀ ਪਾਲਣਾ ਯਕੀਨੀ ਬਣਾਉਣ ਲਈ ਵੱਡੇ ਪੱਧਰ @ਤੇ ਯੋਜਨਾਬੰਦੀ ਕੀਤੀ ਜਾ ਰਹੀ ਹੈ। ਸ੍ਰੀ ਬਹਿਲ ਨੇ ਅੱਗੇ ਕਿਹਾ ਕਿ ਗੁਰਦਾਸਪੁਰ ਵਿੱਚ ਬਾਗਬਾਨੀ ਦੀ ਵੱਡੀ ਸੰਭਾਵਨਾ ਹੋਣ ਕਾਰਨ ਇਸ ਸੀਮਾਂਤ ਜ਼ਿਲ੍ਹੇ ਵਿੱਚ ਖੇਤੀ ਅਧਾਰਤ ਉਦਯੋਗ ਸਥਾਪਤ ਕਰਨ ਦੀ ਵੱਡੀ ਸੰਭਾਵਨਾ ਹੈ। ਉਨ੍ਹਾਂ ਇਸ ਮੌਕੇ ਜ਼ਿਲ੍ਹੇ ਦੇ ਸਮੂਹ ਨਾਗਰਿਕਾਂ, ਪਾਰਟੀ ਆਗੂਆਂ ਅਤੇ ਵਰਕਰਾਂ ਨੂੰ ਵਧਾਈ ਦਿੱਤੀ।

# ਐਸ ਆਈ ਸੁਰਜੀਤ ਸਿੰਘ ਹੋਣਗੇ ਜਿਲਾ ਅੰਮ੍ਰਿਤਸਰ ਦਿਹਾਤੀ ਦੇ ਨਵੇਂ ਟਰੈਫਿਕ ਇੰਚਾਰਜ

## ਟਰੈਫਿਕ ਪੁਲਿਸ ਦਾ ਸਾਥ ਦੇਣ ਅਤੇ ਟਰੈਫਿਕ ਨਿਯਮਾਂ ਦੀ ਪੂਰੀ ਤਰ੍ਹਾਂ ਪਾਲਣਾ ਕਰਨ



**ਜੰਡਿਆਲਾ ਗੁਰੂ / ਜਸਪਾਲ ਸ਼ਰਮਾ ਪੁਲਿਸ**

ਜਿਲਾ ਅੰਮ੍ਰਿਸਰ ਦਿਹਾਤੀ ਵੱਲੋਂ ਸਬ ਇੰਸਪੈਕਟਰ ਸੁਰਜੀਤ ਸਿੰਘ ਨੂੰ ਜਿਲ੍ਹੇ ਦਾ ਟਰੈਫਿਕ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਸੁਰਜੀਤ ਸਿੰਘ ਪਹਿਲਾਂ ਪੁਲਿਸ ਲਾਇਨ ਬਟਾਲਾ ਵਿਖੇ ਸੇਵਾਵਾਂ ਨਿਭਾਅ ਰਹੇ ਹਨ। ਉਨ੍ਹਾਂ ਨੇ ਪਬਲਿਕ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਟਰੈਫਿਕ ਪੁਲਿਸ ਦਾ ਸਾਥ ਦੇਣ ਅਤੇ ਟਰੈਫਿਕ ਨਿਯਮਾਂ ਦੀ ਪੂਰੀ ਤਰ੍ਹਾਂ ਪਾਲਣਾ ਕਰਨ, ਜਿਵੇਂ ਦੋਪਹੀਆ ਵਾਹਨ ਚਲਾਉਣ ਸਮੇਂ ਸਿਰ ਤੇ ਹੈਲਮਟ ਪਾ ਕੇ ਰੱਖਣ, ਚਾਰ ਪਹੀਆ ਵਾਹਨ ਚਲਾਉਣ ਸਮੇਂ ਸੀਟ ਬੈਲਟ ਲਗਾ ਕੇ ਰੱਖਣ, ਕੋਈ ਵੀ ਵਾਹਨ ਚਲਾਉਂਦੇ ਸਮੇਂ ਮੁਬਾਇਲ ਫੋਨ ਦੀ ਵਰਤੋਂ ਨਾ ਕਰੋ। ਇਸ ਤੋਂ ਇਲਾਵਾ ਆਪਣੇ ਵਾਹਨ ਦੇ ਕਾਗਜ਼ਾਤ ਪੂਰੇ ਰੱਖੋ ਜਿਵੇਂ ਕਿ ਰਜਿਸਟਰੇਸ਼ਨ, ਇੰਨਸ਼ੋਰੈਂਸ, ਪਲਿਊਸ਼ਨ ਪਰਚੀ ਆਦਿ। ਉਨ੍ਹਾਂ ਬੁਲਟ ਮੋਟਰਸਾਇਕਲਾਂ ਦੇ ਪਟਾਕੇ ਪਵਾਉਣ ਵਾਲਿਆਂ ਅਤੇ ਪ੍ਰੈਸ਼ਰ ਹਾਰਨ ਲਗਾ ਕੇ ਲੋਕਾਂ ਨੂੰ ਤੰਗ ਪਰੇਸ਼ਾਨ ਕਰਨ ਵਾਲਿਆਂ ਨੂੰ ਵੀ ਚੇਤਾਵਨੀ ਦਿੱਤੀ ਕਿ ਉਹ ਇਹਨਾਂ ਹਰਕਤਾਂ ਤੋਂ ਬਾਜ ਆ ਜਾਣ ਨਹੀਂ ਤਾਂ ਉਹਨਾਂ ਖਿਲਾਫ਼ ਬਣਦੀ ਕਨੂੰਨੀ ਕਾਰਵਾਈ ਤੋਂ ਇਲਾਵਾ ਉਨ੍ਹਾਂ ਦੇ ਮੋਟਰਸਾਇਕਲ ਵੀ ਬੰਦ ਕੀਤੇ ਜਾ ਸਕਦੇ ਹਨ। ਉਨ੍ਹਾਂ ਸੜਕਾਂ ਤੇ ਨਜਾਇਜ਼ ਕਬਜ਼ੇ ਕਰਨ ਵਾਲਿਆਂ ਨੂੰ ਵੀ ਅਪੀਲ ਕਰਦਿਆਂ ਕਿਹਾ ਕਿ ਉਹ ਸੜਕਾਂ ਤੇ ਕੀਤੇ ਹੋਏ ਕਬਜ਼ੇ ਛੱਡ ਦੇਣ ਨਹੀਂ ਤਾਂ ਉਹਨਾਂ ਖਿਲਾਫ਼ ਕਨੂੰਨੀ ਕਾਰਵਾਈ ਕੀਤੀ ਜਾ ਸਕਦੀ ਹੈ ਕਿਉਂਕਿ ਉਨ੍ਹਾਂ ਕਾਰਣ ਸੜਕੀ ਆਵਾਜਾਈ ਵਿੱਚ ਵਿਘਨ ਪੈਂਦਾ ਹੈ। ਅਖੀਰ ਵਿੱਚ ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਟਰੈਫਿਕ ਪੁਲਿਸ ਹਮੇਸ਼ਾ ਆਪ ਦੀ ਸੁਰਖਿਆ ਲਈ ਕੰਮ ਕਰਦੀ ਇਸ ਲਈ ਪੁਲਿਸ ਦਾ ਸਾਥ ਦਿਓ।

# ਵਿਧਾਇਕ ਬੱਗਾ ਨੇ ਕੀਤਾ ਮੁਹੱਲਾ ਪੀਰੂ ਬੰਦਾ ਤੋਂ ਹੈਬੋਵਾਲ ਨੂੰ ਜਾਣ ਵਾਲੀ ਰੇਲਵੇ ਕਰਾਸਿੰਗ ਤੱਕ ਬਨਣ ਵਾਲੀ ਸੜਕ ਦਾ ਉਦਘਾਟਨ



**ਲੁਧਿਆਣਾ/ਸੁਖਚੈਨ ਮਹਿਰਾ**
**ਵਰਿੰਦਰ ਪ੍ਰਕਾਸ਼ ਭਾਂਬਰੀ**

ਵਿਧਾਨਸਭਾ ਉਤਰੀ ਦੇ ਵਾਰਡ – 84 ਸਥਿਤ ਮੁਹੱਲਾ ਪੀਰੂ ਬੰਦਾ ਤੋਂ ਹੈਬੋਵਾਲ ਨੂੰ ਜਾਣ ਵਾਲੀ ਰੇਲਵੇ ਕਰਾਸਿੰਗ ਤੱਕ ਬੁਢੇ ਨਾਲੇ ਕੇ ਕਿਨਾਰੇ ਬਨਣ ਵਾਲੀ ਸੜਕ ਦੇ ਨਵਨਿਰਮਾਣ ਕਾਰਜ ਦਾ ਉਦਘਾਟਨ ਵਿਧਾਇਕ ਚੌਧਰੀ ਮਦਨ ਲਾਲ ਬੱਗਾ ਨੇ ਕੌਂਸਲਰ ਲਾਲਾ ਅਟਵਾਲ ਵੀ ਹਾਜ਼ਰੀ ਵਿੱਚ ਕੀਤਾ । ਬੱਗਿਆ ਨੇ ਕਰੀਬ 21 ਲੱਖ ਰੁਪਏ ਦੀ ਲਾਗਤ ਨਾਲ ਬਨਣ ਵਾਲੀ ਸੜਕ ਦੀ ਉਸਾਰੀ ਦੀ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਪਿਛਲੇ 30 ਸਾਲਾਂ ਤੋਂ ਵਿਕਾਸ ਦੇ ਰੁਪ ਵਿੱਚ ਪਿਛੜੇ ਵਿਧਾਨਸਭਾ ਉਤਰੀ ਦੀ ਆਖਰੀ ਨੁੱਕੜ ਤੱਕ ਵਿਕਾਸ ਦੀ ਖੁਸ਼ਬੂ ਪੰਹੁਚਾਣਾ ਹੀ ਆਪ ਸਰਕਾਰ ਦਾ ਮਕਸਦ ਹੈ । ਚੋਣ ਵਾਅਦੇ ਨੂੰ ਪੂਰਾ ਕਰਦੇ ਹੋਏ ਮੁੱਖਮੰਤਰੀ ਭਗਵੰਤ ਮਾਨ ਵੱਲੋਂ ਇੱਕ ਜੁਲਾਈ ਤੋਂ 300 ਯੁਨਿਟ ਹਰ ਘਰ ਨੂੰ ਮੁਫਤ ਬਿਜਲੀ ਦੇਣ ਦੀ ਘੋਸ਼ਣਾ ਦਾ ਜਿਕਰ ਕਰਦੇ ਹੋਏ ਉਨ੍ਹਾਂ ਨੇ ਕਿਹਾ ਕਿ ਪੰਜਾਬ ਵਿੱਚ ਸਰਕਾਰ ਗਠਨ ਦੇ 30 ਦਿਨਾਂ ਦੇ ਅੰਦਰ ਚੋਣ ਵਾਅਦੇ ਪੂਰੇ ਕਰਣ ਦੀ ਕਵਾਇਦ ਸ਼ੁਰੂ ਕਰਣ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੇਸ਼ ਦੀ ਅਜਿਹੀ ਪਹਿਲੀ ਸਰਕਾਰ ਹੈ , ਜਿਸਨ੍ਹੇ ਚੋਣਾਂ ਤੋਂ ਪਹਿਲਾਂ ਰਾਜ ਦੀ ਜਨਤਾ ਨੂੰ ਦਿੱਤੀ ਗਈ ਪਹਿਲੀ ਗਾਂਰਟੀ ਨੂੰ ਪੂਰਾ ਕਰ ਵਿਖਾਇਆ ਹੈ । ਮੁਫਤ ਬਿਜਲੀ ਦੀ ਘੋਸ਼ਣਾ ਲਾਗੂ ਹੋਣ ਦੇ ਬਾਅਦ ਇੱਕ – ਇੱਕ ਕਰਕੇ ਹਰ ਗਾਂਰਟੀ ਨੂੰ ਪੂਰਾ ਕਰਣ ਦਾ ਭਰੋਸਾ ਦਿੰਦੇ ਹੋਏ ਕਿਹਾ ਕਿ ਆਮ ਆਦਮੀ ਪਾਰਟੀ ਦੀ ਕਥਨੀ ਅਤੇ ਕਰਣੀ ਇੱਕ ਹੈ । ਵਿਧਾਇਕ ਤੁਹਾਡੇ ਦੁਆਰ ਪ੍ਰੋਗਰਾਮ ਦੇ ਤਹਿਤ ਵਿਧਾਨਸਭਾ ਉਤਰੀ ਦੀ ਜਨਤਾ ਦੀਆਂ ਮੁਸ਼ਕਲਾਂ ਦਾ ਘਰ ਬੈਠੇ ਸਮਾਧਾਨ ਹੋਣ ਤੇ ਚਰਚਾ ਕਰਦੇ ਹੋਏ ਕੌਂਸਲਰ ਲਾਲਾ ਸੁਰਿੰਦਰ ਅਟਵਾਲ ਨੇ ਕਿਹਾ ਕਿ ਇਸ ਹਲਕੇ ਦੀ ਜਨਤਾ ਨੇ ਕਦੇ ਸੁਫਨੇ ਵਿੱਚ ਵੀ ਨਹੀਂ ਸੋਚਿਆ ਸੀ ਕਿ ਉਨ੍ਹਾਂ ਨੂੰ ਕਦੇ ਵਿਧਾਇਕ ਦੇ ਦਰਸ਼ਨ ਵੀ ਹੋਣਗੇ । ਇਸ ਮੌਕੇ ਤੇ ਕੌਂਸਲਰ ਲਾਲਾ ਸੁਰਿੰਦਰ ਅਟਵਾਲ, ਕ੍ਰਿਸ਼ਨ ਲਾਲ ਵਿਰਮਾਨੀ, ਜੱਗੂ ਚੋਪੜਾ, ਅਮਨ ਬੱਗਾ, ਗੁਲਸ਼ਨ ਬੂਟੀ, ਦਿਨੇਸ਼ ਸ਼ਰਮਾ , ਜੇ. ਕੇ ਡਾਬਰ, ਬਿੱਟੂ ਭਨੋਟ, ਪਰਮਜੀਤ ਪੰਮਾ, ਪ੍ਰਵੀਨ ਚਿਟਕਾਰਾ , ਗੁਰਪ੍ਰੀਤ ਬਿੰਦਰਾ, ਮਨਿੰਦਰ ਵਧਾਵਨ ਸਹਿਤ ਹੋਰ ਵੀ ਮੌਜੂਦ ਰਹੇ ।

# ਪੰਜਾਬ ਸਰਕਾਰ ਨੇ ਬਿਜਲੀ ਮੁਆਫ਼ੀ ਦਾ ਐਲਾਨ ਕਰਕੇ ਵਾਅਦਾ ਨਿਭਾਇਆ-ਬੀਬੀ ਮਾਣੂੰਕੇ

## ਆਮ ਆਦਮੀ ਪਾਰਟੀ ਨੇ ਵਾਅਦਿਆਂ ਤੇ ਜ਼ੁਬਾਨ ਦੀ ਪੱਕੀ ਹੋਣ ਦਾ ਸਬੂਤ ਦਿੱਤਾ



**ਜਗਰਾਉ/ਅਰਜੁਨ ਸਹਿਜਪਾਲ**

ਪੰਜਾਬ ਸਰਕਾਰ ਨੇ 2022 ਦੀਆਂ ਵਿਧਾਨ ਸਭਾ ਚੋਣਾ ਤੋਜ਼ ਪਹਿਲਾਂ ਲੋਕਾਂ ਨਾਲ ਵਾਅਦਾ ਕੀਤਾ ਸੀ ਕਿ ਪੰਜਾਬ ਅੰਦਰ ਸਰਕਾਰ ਬਣਨ ਤੋਜ਼ ਬਾਅਦ ਹਰ ਘਰ ੱ ਪ੍ਰਤੀ ਮਹੀਨਾਂ 300 ਯੂਨਿਟ ਬਿਜਲੀ ਮੁਆਫ਼ੀ ਦਿੱਤੀ ਜਾਵੇਗੀ. ਜਿਸ ੱ ਅਮਲੀ ਜਾਮਾ ਪਹਿਨਾਉਜ਼ਦਿਆਂ ਅੱਜ ਮਾਨਯੋਗ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਜੀ ਵੱਲੋਜ਼ 1 ਜੁਲਾਈ ਤੋਜ਼ ਬਿਜਲੀ ਮੁਆਫ਼ੀ ਦਾ ਐਲਾਨ ਕਰ ਦਿੱਤਾ ਹੈ ਅਤੇ ਪੰਜਾਬ ਦੀ ਇਮਾਨਦਾਰ ਸਰਕਾਰ ਨੇ ਲੋਕਾਂ ਨਾਲ ਕੀਤਾ ਵਾਅਦਾ ਵੀ ਪੂਰਾ ਕਰ ਦਿੱਤਾ ਹੈ. ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਜਗਰਾਉਜ਼ ਦੇ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਨੇ ਵਰਕਰਾਂ ਨਾਲ ਖੁਸ਼ੀ ਸਾਂਝੀ ਕਰਦਿਆਂ ਕੀਤਾ. ਉਹਨਾਂ ਆਖਿਆ ਕਿ ਪੰਜਾਬ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਇਆ ਹੈ ਕਿ ਪੰਜਾਬ ਵਿੱਚ ਸਰਕਾਰ ਬਣਨ ਦੇ ਕੇਵਲ ਇੱਕ ਮਹੀਨੇ ਬਾਅਦ ਲੋਕਾਂ ਦੇ ਬੇਰੁਜ਼ਗਾਰ ਧੀਆਂ-ਪੁੱਤਰਾਂ ੱ ਨਿਯੁੱਕਤੀ ਪੱਤਰ ਦਿੱਤੇ ਹੋਣ. ਇਹ ਇਤਿਹਾਸ਼ਕ ਕੰਮ ਮਾਨਯੋਗ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਹੀ ਕਰ ਸਕਦੀ ਹੈ. ਕਿਉਜ਼ਕਿ ਪਿਛਲੇ 75 ਸਾਲਾਂ ਤੋਜ਼ ਅਕਾਲੀਆਂ ਤੇ ਕਾਂਗਰਸੀਆਂ ਦੀਆਂ ਸਰਕਾਰਾਂ ਨੇ ਪੰਜਾਬ ਵਾਸੀਆਂ ਨਾਲ ਹਮੇਸ਼ਾ ਧੋਖਾ ਹੀ ਕੀਤਾ ਹੈ ਅਤੇ ਰੁਜ਼ਗਾਰ ਦੀ ਮੰਗ ਕਰ ਰਹੇ ਲੋਕਾਂ ਦੇ ਧੀਆਂ ਪੁੱਤਰਾਂ ੱ ਡਾਂਗਾਂ ਨਾਲ ਕੁੱਟਿਆ ਤੇ ਸੜਕਾਂ ਉਪਰ ਘਸੀਟਕੇ ਬੇਇੱਜ਼ਤ ਕੀਤਾ ਹੈ. ਇਸੇ ਕਰਕੇ ਹੀ ਅੱਕੇ ਹੋਏ ਪੰਜਾਬ ਵਾਸੀਆਂ ਨੇ ਅਕਾਲੀਆਂ ਤੇ ਕਾਂਗਰਸੀਆਂ ਦੀ 0ਉਤਰ ਕਾਟੋ ਮੈਜ਼ ਚੜ੍ਹਾਂ# ਦੀ ਖੇਡ ੱ ਨਕਾਰਦੇ ਹੋਏ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਕੇ ਨਵੇਜ਼ ਸੂਰਜ ਦਾ ਅਗਾਜ਼ ਕੀਤਾ ਹੈ. ਵਿਧਾਇਕਾ ਮਾਣੂੰਕੇ ਨੇ ਆਖਿਆ ਕਿ ਬਿਜਲੀ ਮੁਆਫ਼ੀ ਦੇ ਐਲਾਨ ਨਾਲ ਹੁਣ ਇੱਕ ਜੁਲਾਈ ਤੋਜ਼ ਹਰ ਪਰਿਵਾਰ ੱ 600 ਯੂਨਿਟ ਬਿਜਲੀ ਮੁਫ਼ਤ ਮਿਲੇਗੀ, 2 ਕਿਲੋ ਵਾਟ ਤੱਕ ਦੇ ਬਿਜਲੀ ਖਪਤਕਾਰਾਂ ਦੇ 31 ਦਸੰਬਰ ਤੱਕ ਦੇ ਸਾਰੇ ਬਕਾਏ ਮੁਆਫ਼ ਕੀਤੇ ਗਏ ਹਨ, ਪਛੜੇ ਅਤੇ ਲੋੜਵੰਦ ਵਰਗਾਂ ਨਾਲ ਸਬੰਧਿਤ ਪਰਿਵਾਰਾਂ ਦਾ 2 ਮਹੀਨਿਆਂ #ਚ 600 ਯੂਨਿਟ ਬਿਜਲੀ ਖਪਤ ਤੋਜ਼ ਬਾਅਦ ਖਪਤ ਹੋਈਆਂ ਯੂਨਿਟਾਂ ਦਾ ਹੀ ਬਿਲ ਆਵੇਗਾ, ਖੇਤੀਬਾੜੀ ਸੈਕਟਰ ਬਿਜਲੀ ਸਬਸਿਡੀ ਜਾਰੀ ਰਹੇਗੀ, ਉਦਯੋਗਿਕ ਅਤੇ ਵਪਾਰਿਕ ਕੰਮਾਂ ਲਈ ਬਿਜਲੀ ਦਰਾਂ ਵਿੱਚ ਕੋਈ ਵੀ ਵਾਧਾ ਨਹੀਜ਼ ਕੀਤਾ ਗਿਆ ਅਤੇ ਉਹਨਾਂ ੱ ਬਿਜਲੀ ਪੁਰਾਣੀਆਂ ਦਰਾਂ ਤੇ ਹੀ ਮਿਲੇਗੀ. ਉਹਨਾਂ ਕਿਹਾ ਕਿ ਇਹ ਐਲਾਨ ਕਰਕੇ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਵਾਅਦਿਆਂ ਤੇ ਜ਼ੁਬਾਨ ਦੀ ਪੱਕੀ ਹੋਣ ਦਾ ਸਬੂਤ ਦਿੱਤਾ ਹੈ. ਇਸ ਮੌਕੇ ਉਹਨਾਂ ਦੇ ਨਾਲ ਪ੍ਰੋਫੈਸਰ ਸੁਖਵਿੰਦਰ ਸਿੰਘ, ਅਮਰਦੀਪ ਸਿੰਘ ਟੂਰੇ, ਕੁਲਵਿੰਦਰ ਸਿੰਘ ਕਾਲਾ, ਪ੍ਰੀਤਮ ਸਿੰਘ ਅਖਾੜਾ, ਗੁਰਪ੍ਰੀਤ ਸਿੰਘ ਨੋਨੀ, ਸਰਪੰਚ ਗੁਰਨਾਮ ਸਿੰਘ ਭੈਣੀ, ਗੋਪੀ ਸ਼ਰਮਾਂ, ਸੋਨੀ ਕਾਉਜ਼ਕੇ, ਛਿੰਦਰਪਾਲ ਸਿੰਘ ਮੀਨੀਆਂ, ਸਰਪੰਚ ਸੁਰਜੀਤ ਸਿੰਘ ਜਨੇਤਪੁਰਾ, ਸਨੀ ਬੱਤਰਾ, ਹਿੰਮਤ ਵਰਮਾਂ, ਅਭਿਨਾਸ਼ ਭੰਡਾਰੀ, ਕਮਲਪ੍ਰੀਤ ਕੌਰ, ਗੁਰਪ੍ਰੀਤ ਕੌਰ, ਗੁਰਪ੍ਰੀਤ ਸਿੰਘ ਗੋਪੀ, ਬਲਜੀਤ ਸਿੰਘ, ਸੁਰਿੰਦਰ ਸਿੰਘ ਕਾਕਾ, ਮਨਪ੍ਰੀਤ ਸਿੰਘ ਮੰਨਾਂ, ਜਗਦੀਪ ਸਿੰਘ ਦੀਪੂ, ਰਣਬੀਰ ਸਿੰਘ ਰਾਜੂ, ਮੋਹਣਾ, ਡਾ:ਰੂਪ ਸਿੰਘ, ਹੈਪੀ, ਪ੍ਰਭਜੋਤ ਸਿੰਘ, ਜਗਤਾਰ ਸਿੰਘ ਆਦਿ ਵੀ ਹਾਜ਼ਰ ਸਨ।

## ਥਾਣਾ ਸਿਟੀ ਮੁਖੀ ਦੇ ਅਹੁਦੇ ਦੀ ਜ਼ਿੰਮੇਵਾਰੀ ਹੁਣ ਇੰਸਪੈਕਟਰ ਸੁਰਜੀਤ ਸਿੰਘ ਪੱਤੜ ਦੁਆਰਾ ਸੰਭਾਲੀ ਜਾਵੇਗੀ



**ਕਪੂਰਥਲਾ/ਪਰਮਜੀਤ ਸੰਨੀ**

ਇੰਸਪੈਕਟਰ ਸੁਰਜੀਤ ਸਿੰਘ ਪੱਤੜ ਨੇ ਥਾਣਾ ਸਿਟੀ ਮੁਖੀ ਦਾ ਅਹੁਦਾ ਸੰਭਾਲਣ ਦੀ ਜ਼ਿੰਮੇਵਾਰੀ ਲੈ ਕੇ ਆਪਣਾ ਬਣਦਾ ਕੰਮ ਸ਼ੁਰੂ ਕੀਤਾ। ਇੰਸਪੈਕਟਰ ਸੁਰਜੀਤ ਸਿੰਘ ਪੱਤੜ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਹੁਣ ਸ਼ਹਿਰ ਵਿਚ ਕਿਸੇ ਵੀ ਕਿਸਮ ਦਾ ਗ਼ੈਰ - ਕਨੂੰਨੀ ਕੰਮ ਨਹੀਂ ਹੋਵੇਗਾ ਅਤੇ ਕਨੂੰਨ ਤੋੜਣ ਵਾਲਿਆਂ ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ ਅਤੇ ਜਲਦ ਤੋਂ ਜਲਦ ਅਪਰਾਧੀਆਂ ਨੂੰ ਸਲਾਖਾਂ ਪਿੱਛੇ ਭੇਜਿਆ ਜਾਵੇਗਾ। ਨਾਲ ਹੀ ਉਹਨਾਂ ਦਾ ਕਹਿਣਾ ਹੈ ਕਿ ਬਿਨਾਂ ਕਿਸੇ ਪਾਬੰਦੀ ਦੇ ਵਿਕਦੀ ਸ਼ਰਾਬ ਅਤੇ ਸ਼ਰੇਆਮ ਲਗਦੇ ਦੜ੍ਹੇ ਸੱਟੇ ਨੂੰ ਬੰਦ ਕਰਨ ਵੱਲ ਪੂਰਾ ਧਿਆਨ ਦਿੱਤਾ ਜਾਵੇਗਾ ਤੇ ਸੜਕਾਂ 'ਤੇ ਚਲਦੇ ਵਾਹਨਾਂ ਦੀ ਪੂਰੀ ਤਰ੍ਹਾਂ ਜਾਂਚ ਵੀ ਕੀਤੀ ਜਾਵੇਗੀ। ਇਸ ਤੋਂ ਇਲਾਵਾ ਦਰਖਾਸਤਾਂ ਵੇਲੇ ਕਿਸੇ ਨਾਲ ਕੋਈ ਪੱਖਪਾਤ ਨਹੀਂ ਦੇਖਣ ਨੂੰ ਮਿਲੇਗਾ। ਇੰਸਪੈਕਟਰ ਸੁਰਜੀਤ ਸਿੰਘ ਪੱਤੜ ਨੇ ਕਿਹਾ ਕਿ ਆਪਣੀ ਡਿਊਟੀ ਨੂੰ ਉਹ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ ਤੇ ਪੁਲਿਸ ਦੀ ਗਸ਼ਤ ਵਿਚ ਵਾਧਾ ਕਰ ਸ਼ਹਿਰ ਨੂੰ ਨਸ਼ਾ - ਮੁਕਤ ਅਤੇ ਸ਼ਾਂਤੀ ਮਾਹੌਲ ਵਾਲਾ ਸ਼ਹਿਰ ਬਣਾਉਣਗੇ।

# 214.73 ਫੀਸਦੀ ਲਿਫ਼ਟਿੰਗ ਦੇ ਨਾਲ ਜਲੰਧਰ ਸੂਬੇ ਭਰ 'ਚ ਮੋਹਰੀ : ਘਨਸ਼ਿਆਮ ਥੋਰੀ

**ਜਲੰਧਰ/ਰਕੇਸ਼ ਵਰਮਾ**

ਜ਼ਿਲ੍ਹਾ ਜਲੰਧਰ ਨੇ ਜ਼ਿਲ੍ਹੇ ਦੇ ਸਾਰੇ 78 ਖ਼ਰੀਦ ਕੇਂਦਰਾਂ @ਤੇ 72 ਘੰਟਿਆਂ ਦੇ ਅੰਦਰ 214.73 ਫੀਸਦੀ ਕਣਕ ਦੀ ਲਿਫ਼ਟਿੰਗ ਕਰਕੇ ਸੂਬੇ ਭਰ @ਚ ਪਹਿਲਾ ਸਥਾਨ ਹਾਸਲ ਕੀਤਾ ਹੈ।

## ਅਧਿਕਾਰੀਆਂ ਨੂੰ ਕਿਸਾਨਾਂ ਦੇ ਸੋਨੇ ਦੀ ਨਿਰਧਾਰਿਤ ਸਮੇਂ ਦੇ ਅੰਦਰ ਲਿਫ਼ਟਿੰਗ ਨੂੰ ਯਕੀਨੀ ਬਣਾਉਂਦਿਆਂ ਇਸ ਮੁਕਾਮ ਨੂੰ ਬਰਕਰਾਰ ਰੱਖਣ ਲਈ ਕਿਹਾ

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਘਨਸ਼ਿਆਮ ਥੋਰੀ ਨੇ ਦੱਸਿਆ ਕਿ ਅਨਾਜ ਮੰਡੀਆਂ ਵਿੱਚ ਹੁਣ ਤੱਕ ਕੁੱਲ 81547 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ, ਜਿਸ ਵਿੱਚੋਂ 13635 ਮੀਟ੍ਰਿਕ ਟਨ ਕਣਕ ਦੀ ਲਿਫ਼ਟਿੰਗ 72 ਘੰਟਿਆਂ ਵਿੱਚ ਹੋਣੀ ਸੀ ਜਦਕਿ ਏਜੰਸੀਆਂ ਵੱਲੋਂ 29279 ਮੀਟ੍ਰਿਕ ਟਨ ਕਣਕ ਦੀ ਲਿਫ਼ਟਿੰਗ ਕੀਤੀ ਗਈ ਹੈ, ਜੋ ਕਿ ਟੀਚੇ ਦਾ 214.73 ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਜਲੰਧਰ ਫ਼ਸਲ ਦੀ ਲਿਫ਼ਟਿੰਗ ਵਿੱਚ ਸੂਬੇ ਵਿੱਚ ਮੋਹਰੀ ਬਣ ਕੇ ਉਭਰਿਆ ਹੈ। ਡਿਪਟੀ ਕਮਿਸ਼ਨਰ ਨੇ ਅੱਗੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਫ਼ਸਲ ਦੀ ਸਮੇਂ ਸਿਰ ਖ਼ਰੀਦ, ਲਿਫ਼ਟਿੰਗ ਅਤੇ ਅਦਾਇਗੀ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ ਤਾਂ ਜੋ ਸਮੁੱਚੀ ਪ੍ਰਕਿਰਿਆ ਦੌਰਾਨ ਕਿਸਾਨਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਘਨਸ਼ਿਆਮ ਥੋਰੀ ਨੇ ਖ਼ਰੀਦ ਦੇ ਕਾਰਜ ਨਾਲ ਜੁੜੇ ਅਧਿਕਾਰੀਆਂ ਨੂੰ ਮੰਡੀਆਂ ਵਿੱਚ ਫ਼ਸਲ ਆਉਣ ਤੋਂ ਬਾਅਦ ਇਸ ਦੀ ਨਿਰਧਾਰਤ ਸਮੇਂ ਦੇ ਅੰਦਰ ਲਿਫ਼ਟਿੰਗ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਇਸ ਦੇ ਨਾਲ ਹੀ ਖ਼ਰੀਦ ਦੇ ਹਰ ਪੜਾਅ @ਤੇ ਕਿਸਾਨਾਂ ਦੀ ਸਹਾਇਤਾ ਕਰਨ ਦੀਆਂ ਵੀ ਹਦਾਇਤਾਂ ਦਿੱਤੀਆਂ। ਉਨ੍ਹਾਂ ਸਪੱਸ਼ਟ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੀਜ਼ਨ ਨੂੰ ਨਿਰਵਿਘਨ ਅਤੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਅਧਿਕਾਰੀਆਂ ਨੂੰ ਪੀਣ ਵਾਲੇ ਪਾਣੀ, ਪਖਾਨਿਆਂ ਦੀ ਸਹੂਲਤ, ਛਾਂ ਆਦਿ ਸਹੂਲਤਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਕਿਹਾ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਸਮੁੱਚੇ ਸੀਜ਼ਨ ਦੌਰਾਨ ਇਹ ਰੈਂਕ ਬਰਕਰਾਰ ਰੱਖਣ ਦੇ ਨਾਲ-ਨਾਲ ਕਿਸਾਨਾਂ ਨੂੰ ਸਹਿਯੋਗ ਦੇਣ ਲਈ ਵੀ ਕਿਹਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਰੋਜ਼ਾਨਾ ਖ਼ਰੀਦ ਦੀ ਸਮੀਖਿਆ ਕਰਨ ਤੋਂ ਇਲਾਵਾ ਉਨ੍ਹਾਂ ਵੱਲੋਂ ਜ਼ਿਲ੍ਹੇ ਵਿੱਚ ਖ਼ਰੀਦ, ਲਿਫਟਿੰਗ ਅਤੇ ਅਦਾਇਗੀ ਪ੍ਰਕਿਰਿਆ ਦੀ ਵਿਅਕਤੀਗਤ ਤੌਰ 'ਤੇ ਨਿਗਰਾਨੀ ਵੀ ਕੀਤੀ ਜਾਵੇਗੀ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈਜ਼ ਕੰਟਰੋਲਰ ਹਰਸ਼ਰਨ ਸਿੰਘ ਨੇ ਦੱਸਿਆ ਕਿ ਲੇਬਰ ਅਤੇ ਟਰਾਂਸਪੋਰਟ ਸਬੰਧੀ ਸਾਰੇ ਪ੍ਰਬੰਧ ਪਹਿਲਾਂ ਹੀ ਕੀਤੇ ਜਾ ਚੁੱਕੇ ਹਨ ਅਤੇ ਸਾਰੇ ਖਰੀਦ ਕੇਂਦਰਾਂ @ਤੇ 72 ਘੰਟਿਆਂ ਦੇ ਅੰਦਰ ਲਿਫ਼ਟਿੰਗ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਖ਼ਰੀਦ ਦਾ ਸਮੁੱਚਾ ਕਾਰਜ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇਗਾ ਅਤੇ ਕਿਸੇ ਵੀ ਕਿਸਮ ਦੀ ਅਣਗਹਿਲੀ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾ।

# ਚੌਧਰੀ ਜੈ ਮੁਨੀ ਮੈਮੋਰੀਅਲ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦੀਨਾਨਗਰ ਵਿਖੇ ਕਰਵਾਈ 100 ਦਿਨਾ ਪੜ੍ਹਨ ਮੁਹਿੰਮ ਦੀ ਇੱਕ-ਰੋਜ਼ਾ ਸਮਾਪਤੀ ਵਰਕਸ਼ਾਪ



**ਗੁਰਦਾਸਪੁਰ/ਨਵਨੀਤ ਕੁਮਾਰ**

ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ. ਸਿੱ.) ਗੁਰਦਾਸਪੁਰ ਹਰਪਾਲ ਸਿੰਘ ਜੀ ਦੀ ਯੋਗ ਅਗਵਾਈ ਵਿੱਚ ਅੱਜ ਚੌਧਰੀ ਜੈ ਮੁਨੀ ਮੈਮੋਰੀਅਲ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦੀਨਾਨਗਰ ਵਿਖੇ ਪ੍ਰਿੰਸੀਪਲ ਰਾਜਵਿੰਦਰ ਕੌਰ ਵੱਲੋਂ 100 ਦਿਨਾ ਪੜ੍ਹਨ ਮੁਹਿੰਮ ਦੀ ਇੱਕ-ਰੋਜ਼ਾ ਸਮਾਪਤੀ ਵਰਕਸ਼ਾਪ ਕਰਵਾਈ ਗਈ9 ਇਸ ਵਰਕਸ਼ਾਪ ਵਿੱਚ ਛੇਵੀਂ ਤੋਂ ਅੱਠਵੀਂ ਜਮਾਤ ਦੀਆਂ 100 ਦਿਨਾ ਪੜ੍ਹਨ ਮੁਹਿੰਮ ਵਿੱਚ ਭਾਗ ਲੈਣ ਵਾਲੀਆਂ ਸਾਰੀਆਂ ਵਿਦਿਆਰਥਣਾਂ ਹਾਜ਼ਰ ਸਨ9 ਪ੍ਰਿੰਸੀਪਲ ਰਾਜਵਿੰਦਰ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਮੇਂ ਸਕੂਲ ਵਿੱਚ ਲਾਇਬ੍ਰੇਰੀ ਪੁਸਤਕ ਪ੍ਰਦਰਸ਼ਨੀ ਵੀ ਲਗਾਈ ਗਈ, ਜਿਸ ਵਿੱਚ ਬਹੁਤ ਸਾਰੀਆਂ ਵਿਦਿਆਰਥਣਾਂ ਨੇ ਆਪਣੀਆਂ ਮਨਪਸੰਦ ਪੁਸਤਕਾਂ ਜਾਰੀ ਕਰਵਾਈਆਂ9 ਉਹਨਾਂ ਦੱਸਿਆ ਕਿ ਵਿਭਾਗ ਵੱਲੋਂ ਚਲਾਈ ਇਹ ਮੁਹਿੰਮ ਵਿਦਿਆਰਥਣਾਂ ਨੂੰ ਕਿਤਾਬਾਂ ਨਾਲ਼ ਜੋੜਨ ਅਤੇ ਉਹਨਾਂ ਵਿੱਚ ਭਾਸ਼ਾ ਕੌਸ਼ਲਾਂ ਦੇ ਵਿਕਾਸ ਲਈ ਬਹੁਤ ਲਾਹੇਬੰਦ ਸਾਬਿਤ ਹੋਈ ਹੈ, ਵਿਭਾਗ ਨੂੰ ਵਿਦਿਆਰਥਣਾਂ ਦੇ ਸਰਬਪੱਖੀ ਵਿਕਾਸ ਲਈ ਅਜਿਹੇ ਉਪਰਾਲੇ ਕਰਦੇ ਰਹਿਣੇ ਚਾਹੀਦੇ ਹਨ9 ਇਸ ਸਮੇਂ ਵਿਦਿਆਰਥਣਾਂ ਨੂੰ ਵਧੀਆ ਕਾਰਗੁਜ਼ਾਰੀ ਲਈ ਸਨਮਾਨ-ਚਿੰਨ੍ਹ ਭੇਟ ਕੀਤੇ ਗਏ9 ਪ੍ਰਿੰਸੀਪਲ ਰਾਜਵਿੰਦਰ ਕੌਰ ਨੇ ਜਿੱਥੇ ਵਿਦਿਆਰਥੀਆਂ ਨੂੰ ਹੋਰ ਮਿਹਨਤ ਲਈ ਪ੍ਰੇਰਿਤ ਕੀਤਾ, ਉੱਥੇ ਇਸ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਅਧਿਆਪਕਾਂ ਦਾ ਧੰਨਵਾਦ ਵੀ ਕੀਤਾ9 ਇਸ ਸਮੇਂ ਡੀ. ਐੱਮ. ਪੰਜਾਬੀ ਸੁਰਿੰਦਰ ਮੋਹਨ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ 100 ਦਿਨਾ ਪੜ੍ਹਨ ਮੁਹਿੰਮ ਵਿਦਿਆਰਥਣਾਂ ਨੂੰ ਕਿਤਾਬਾਂ ਨਾਲ਼ ਜੋੜਨ ਦਾ ਇੱਕ ਸਫ਼ਲ ਉਪਰਾਲਾ ਰਹੀ ਹੈ9 ਇਸ ਸਮੇਂ ਹੋਰਨਾਂ ਤੋਂ ਇਲਾਵਾ ਵਿਮਲ ਕੁਮਾਰ, ਦੀਪਕ ਕੁਮਾਰ, ਸੁਨੀਲ ਜਸਰੋਟੀਆ, ਮੈਡਮ ਸਨੇਹ ਲਤਾ, ਰਕਸ਼ਾ ਦੇਵੀ, ਕਮਲਜੀਤ ਕੌਰ, ਉਮਾ ਦੇਵੀ, ਜੋਤੀ ਪੁਰੀ ਅਤੇ ਛੇਵੀਂ ਤੋਂ ਅੱਠਵੀਂ ਤੱਕ ਦੀਆਂ ਵਿਦਿਆਰਥਣਾਂ ਹਾਜ਼ਰ ਸਨ।

# ਲੁਟੇਰਿਆਂ ਵੱਲੋਂ ਰਾਏਕੋਟ ਵਿੱਚ ਸਮਾਹਸ ਕੰਪਨੀ ਲੁੱਟਣ ਦੀ ਕੋਸ਼ਿਸ਼ ਮਨੇਜਰ ਨੂੰ ਜ਼ਖਮੀ ਕਰਕੇ ਹੋਏ ਫ਼ਰਾਰ



**ਰਾਏਕੋਟ/ਗੁਰਭਿੰਦਰ ਗੁਰੀ**

ਅੱਜ ਸਵੇਰੇ ਕੁਝ ਹਥਿਆਰਬੰਦ ਲੁਟੇਰਿਆਂ ਵਲੋਂ ਸਥਾਨਕ ਸ਼ਹਿਰ ਤੋਂ ਤਲਵੰਡੀ ਪਿੰਡ ਨੂੰ ਜਾਂਦੀ ਸੜਕ ’ਤੇ ਸਥਿੱਤ ਇੱਕ ਫਾਇਨਾਂਸ ਕੰਪਨੀ ਨੂੰ ਲੁੱਟਣ ਦੀ ਅਸਫ਼ਲ ਕੋਸ਼ਿਸ਼ ਕੀਤੀ ਗਈ। ਲੁੱਟ ਦੀ ਕੋਸ਼ਿਸ਼ ਵਿੱਚ ਅਸਫ਼ਲ ਹੋਣ ਤੋਂ ਬਾਅਦ ਲੁਟੇਰੇ ਕੰਪਨੀ ਦੇ ਮੈਨੇਜਰ ਨੂੰ ਜ਼ਖ਼ਮੀ ਕਰਕੇ ਫਰਾਰ ਹੋ ਗਏ। ਘਟਨਾਂ ਦੀ ਜਾਣਕਾਰੀ ਦਿੰਦੇ ਹੋਏ ਫਾਇਨਾਂਸ ਕੰਪਨੀ ਦੇ ਮੈਨੇਜਰ ਰਣਧੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਫਾਇਨਾਂਸ ਕੰਪਨੀ ਸੈਟਿਨ ਕ੍ਰੈਡਿਟ ਕੇਅਰ ਨੈੱਟਵਰਕ ਲਿਮਟਿਡ, ਜਿਸ ਦਾ ਦਫਤਰ ਤਲਵੰਡੀ ਰੋਡ ’ਤੇ ਸਥਿੱਤ ਹੈ, ਔਰਤਾਂ ਦੇ ਗਰੁੱਪ ਬਣਾ ਕੇ ਕਰਜ਼ਾ ਦੇਣ ਦਾ ਕੰਮ ਕਰਦੀ ਹੈ। ਕੰਪਨੀ ਦੇ ਦਫਤਰ ਵਿੱਚ 12-13 ਮੁਲਾਜ਼ਮ ਰਹਿੰਦੇ ਹਨ। ਮੈਨੇਜਰ ਰਣਧੀਰ ਸਿੰਘ ਨੇ ਦੱਸਿਆ ਕਿ ਅੱਜ ਸਵੇਰੇ 6 ਵਜ਼ੇ ਦੇ ਕਰੀਬ ਜਦ ਉਹ ਤਿਆਰ ਹੋ ਰਿਹਾ ਸੀ ਤਾਂ ਅਚਾਨਕ ਚੁਬਾਰੇ ਵਿੱਚ ਸਥਿੱਤ ਦਫਤਰ ’ਚ ਤਿੰਨ ਵਿਅਕਤੀ ਜਿੰਨ੍ਹਾਂ ਦੇ ਮੂੰਹ ਕੱਪੜੇ ਨਾਲ ਲਪੇਟੇ ਹੋਏ ਸਨ ਅਤੇ ਹੱਥ ਵਿੱਚ ਪਿਸਤੌਲਨੁਮਾ ਕੋਈ ਚੀਜ ਫੜ੍ਹੀ ਹੋਈ ਸੀ, ਦਾਖ਼ਲ ਹੋ ਗਏ, ਜਦਕਿ ਉਨ੍ਹਾਂ ਦੇ ਤਿੰਨ ਤੋਂ ਚਾਰ ਸਾਥੀ ਕਮਰੇ ਦਾ ਬਾਹਰ ਹੀ ਰੁਕ ਗਏ। ਕਮਰੇ ਵਿੱਚ ਆ ਕੇ ਉਨ੍ਹਾਂ ਪਿਸਤੌਲਨੁਮਾ ਚੀਜ ਉਸ ’ਤੇ ਤਾਨ ਦਿੱਤੀ ਅਤੇ ਅਲਮਾਰੀ ਦੀਆਂ ਚਾਬੀਆਂ ਦੀ ਮੰਗ ਕਰਨ ਲੱਗੇ। ਇਨਕਾਰ ਕਰਨ ’ਤੇ ਉਨ੍ਹਾਂ ਠੁੱਡੇ ਵੀ ਮਾਰੇ ਅਤੇ ਮੇਰੇ ਵੱਲ੍ਹ ਇੱਕ ਫਾਇਰ ਵੀ ਕੀਤਾ, ਜਿਸ ਨਾਲ ਮੇਰੇ ਸਾਹਮਣੇ ਕਾਫੀ ਧੂੰਆਂ ਹੋ ਗਿਆ, ਇਸ ਦੌਰਾਨ ਉਨ੍ਹਾਂ ਨੇ ਮੇਰੇ ਸਿਰ ਦੇ ਪਿਛਲੇ ਹਿੱਸੇ ’ਚ ਕੋਈ ਚੀਜ਼ ਮਾਰ ਕੇ ਮੈਨੂੰ ਮਾਮੂਲੀ ਜ਼ਖ਼ਮੀ ਕਰ ਦਿੱਤਾ ਅਤੇ ਫਰਾਰ ਹੋ ਗਏ। ਮੈਨੇਜਰ ਰਣਧੀਰ ਸਿੰਘ ਮੁਤਾਬਿਕ ਦੋ ਦਿਨ ਬੈਂਕ ਬੰਦ ਹੋਣ ਕਾਰਨ ਉਸ ਸਮੇਂ ਦਫਤਰ ਵਿੱਚ 6-7 ਲੱਖ ਰੁਪਏ ਪਏ ਸਨ। ਘਟਨਾਂ ਦੀ ਸੂਚਨਾਂ ਮਿਲਦੇ ਹੀ ਡੀ.ਐਸ.ਪੀ ਰਾਜਵਿੰਦਰ ਸਿੰਘ, ਥਾਣਾ ਸਿਟੀ ਦੇ ਇੰਚਾਰਜ ਅਮਰੀਕ ਸਿੰਘ ਅਤੇ ਥਾਣਾ ਸਦਰ ਦੇ ਇੰਚਾਰਜ ਅਭਿਨਵ ਚੌਹਾਨ ਪੁਲਿਸ ਪਾਰਟੀ ਨਾਲ ਘਟਨਾਂ ਵਾਲੀ ਥਾਂ ’ਤੇ ਪੁੱਜੇ ਅਤੇ ਉੱਥੇ ਸਥਿੱਤ ਕੰਪਨੀ ਦੇ ਮੈਨੇਜਰ ਅਤੇ ਕਰਮਚਾਰੀਆਂ ਤੋਂ ਪੁੱਛ ਗਿੱਛ ਕੀਤੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੀ.ਐਸ.ਪੀ ਰਾਜਵਿੰਦਰ ਸਿੰਘ ਨੇ ਕਿਹਾ ਕਿ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਦੋਸ਼ੀ ਛੇਤੀ ਹੀ ਕਾਬੂ ਕਰ ਲਏ ਜਾਣਗੇ।

# ਪਿੰਡ ਧਰਮਕੋਟ ਵਿੱਚ ਲੱਖਾਂ ਰੁਪਏ ਦੀ ਲਾਗਤ ਨਾਲ ਸਟ੍ਰੀਟ ਲਾਈਟਾਂ ਨਾਲ ਪਿੰਡ ਦੇ ਵਿਕਾਸ ਦਾ ਕੰਮ ਕੀਤਾ ਸ਼ੁਰੂ



**ਪਟਿਆਲਾ/ਸਨੌਰ/(ਇਕਬਾਲ ਸਿੰਘ**

ਆਮ ਆਦਮੀ ਦੇ ਵਿਧਾਇਕ ਹਰਮੀਤ ਸਿੰਘ ਪਠਾਣ ਮਾਜਰਾ ਦੁਆਰਾ ਗੱਲ ਕਰਦਿਆਂ ਕਿਹਾ ਗਿਆ ਕਿ ਸ਼ਹਿਰ ਵਿੱਚ ਲੋਕਾਂ ਦੀ ਮੰਗ ਸੀ ਕਿ ਧਰਮਕੋਟ ਵਿੱਚ ਲਾਈਟਾਂ ਨਾ ਹੋਣ ਕਰਕੇ ਉਨ੍ਹਾਂ ਨੂੰ ਪਿੰਡ ਵਿੱਚ ਕਈ ਮੁਸੀਬਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਜਿਸ ਨੂੰ ਲੈ ਕੇ ਹਰਮੀਤ ਸਿੰਘ ਪਠਾਣਮਾਜਰਾ ਵੱਲੋਂ ਲੱਖਾਂ ਰੁਪਏ ਦੀ ਲਾਗਤ ਨਾਲ ਸਟਰੀਟ ਲਾਈਟਾਂ ਲਗਾਉਣ ਦਾ ਕੰਮ ਸ਼ੁਰੂ ਕੀਤਾ ਗਿਆ। ਇਸ ਮੌਕੇ ਉਹਨਾਂ ਨੇ ਖ਼ੁਦ ਪੌੜੀ ਉੱਤੇ ਚੜ੍ਹ ਕੇ ਸਟਰੀਟ ਲਾਈਟ ਲਗਾ ਕੇ ਕੰਮ ਸ਼ੁਰੂ ਕੀਤਾ ਅਤੇ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਕਿਸੇ ਵੀ ਵਿਅਕਤੀ ਨੂੰ ਕੋਈ ਸਮੱਸਿਆ ਨਹੀਂ ਆਵੇਗੀ ਅਤੇ ਜਲਦੀ ਹੀ ਇਹ ਸਾਰੇ ਕੰਮ ਕੀਤੇ ਜਾਣਗੇ। ਇਸ ਮੌਕੇ ਤੇ ਆਮ ਆਦਮੀ ਦੇ ਸਾਰੇ ਵਰਕਰ ਅਤੇ ਨਗਰ ਕੌਂਸਲ ਦੇ ਕਾਰਜਕਾਲ ਰਜੇਸ਼ ਅਰੋੜਾ ਵੀ ਮੌਜੂਦ ਸਨ ।

# ਆਪ ਸਰਕਾਰ ਹਰ ਵਾਅਦਾ ਪੂਰਾ ਕਰ ਰਹੀ ਹੈ, ਕੁਲਦੀਪ ਪਾਠਕ ਆਪ ਆਗੂ

**ਕਪੂਰਥਲਾ/ਲੋਕ ਬਾਣੀ:-** ਆਪ ਦੀ ਸਰਕਾਰ ਨੇ ਵਿਧਾਨ ਸਭਾ ਚੋਣਾਂ ਵਿੱਚ ਜੋ ਵਾਅਦੇ ਪੰਜਾਬ ਨਿਵਾਸੀਆਂ ਨਾਲ ਕੀਤੇ ਸਨ, ਉਹਨਾ ਵਾਅਦਿਆਂ ਨੂੰ ਪੂਰਾ ਕੀਤਾ ਜਾ ਰਿਹਾ ਹੈ, ਇਹਨਾ ਵਿਚਾਰਾਂ ਦਾ ਪ੍ਰਗਟਾਵਾ ਅੱਜ ਆਪ ਦੇ ਸੀਨੀਅਰ ਆਗੂ ਅਤੇ ਜ਼ਿਲਾ ਸਯੁੰਕਤ ਸਕੱਤਰ ਕੁਲਦੀਪ ਪਾਠਕ ਨੇ ਪੱਤਰਕਾਰਾਂ ਨਾਲ ਕੀਤਾ। ਉਹਨਾ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ 1 ਜੁਲਾਈ ਤੋਂ 300 ਯੂਨਿਟ ਮੁਫਤ ਬਿਜਲੀ ਦੇਣ ਦੇ ਐਲਾਨ ਕਰਨ ਤੇ ਸਮੂਹ ਲੋਕਾਂ ਵਿੱਚ ਖੁਸ਼ੀ ਦਾ ਪ੍ਰਗਟਾਵਾ ਕੀਤਾ ਜਾ ਰਿਹਾ ਹੈ। ਅੱਜ ਕੁਲਦੀਪ ਪਾਠਕ ਸੀਨੀਅਰ ਆਗੂ ਆਪ ਨੇ ਢਿਲਵਾਂ ਵਿੱਚ ਲੱਡੂ ਵੀ ਵੰਡੇ। ਉਹਨਾ ਕਿਹਾ ਕਿ ਬਾਕੀ ਰਹਿੰਦੇ ਵਾਅਦੇ ਵੀ ਪੂਰੇ ਕੀਤੇ ਜਾ ਰਹੇ ਹਨ।

# ਸੂਬੇ ਦੇ ਪੇਂਡੂ ਖੇਤਰਾਂ ਦੇ ਵਸਨੀਕਾਂ ਨੂੰ ਦਿੱਤੀਆਂ ਜਾਣਗੀਆਂ ਬਿਹਤਰੀਨ ਸਹੂਲਤਾਂ: ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ

## ਪੰਚਾਇਤੀ ਜ਼ਮੀਨਾਂ ’ਤੇ ਹੋਏ ਸਾਰੇ ਕਬਜ਼ਿਆਂ ਨੂੰ ਹਟਾਇਆ ਜਾਵੇਗਾ

**ਪਾਇਲ (ਲੁਧਿਆਣਾ)/ਸੁਖਚੈਨ ਮਹਿਰਾ**

ਪੰਜਾਬ ਦੇ ਪੇਂਡੂ ਵਿਕਾਸ ਅਤੇ ਪੰਚਾਇਤਾਂ, ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਅਤੇ ਐਨ ਆਰ ਆਈ ਮਾਮਲਿਆਂ ਬਾਰੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਭ੍ਰਿਸ਼ਟਾਚਾਰ ਵਿਰੁੱਧ ਜ਼ੀਰੋ

ਸਹਿਣਸ਼ੀਲਤਾ @ਤੇ ਜ਼ੋਰ ਦਿੰਦਿਆਂ ਅਧਿਕਾਰੀਆਂ ਨੂੰ ਪਿੰਡਾਂ ਵਿੱਚ ਵਿਕਾਸ ਕਾਰਜਾਂ ਦੌਰਾਨ ਕਿਸੇ ਵੀ ਕਿਸਮ ਦੀ ਕੁਤਾਹੀ ਨਾ ਕਰਨ ਦੀ ਚੇਤਾਵਨੀ ਦਿੱਤੀ ਹੈ।

ਇਸ ਮੌਕੇ ਉਨ੍ਹਾਂ ਅੱਜ ਪਾਇਲ ਦੇ ਦੌਰੇ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰ ਧਾਲੀਵਾਲ ਨੇ ਕਿਹਾ ਕਿ ਪਿੰਡਾਂ ਵਿੱਚ ਵਿਕਾਸ ਕਾਰਜਾਂ ਲਈ ਵਰਤੀ ਜਾਣ ਵਾਲੀ ਸਮੱਗਰੀ ਜਿਵੇਂ ਕਿ ਇੰਟਰਲਾਕਿੰਗ ਟਾਈਲਾਂ, ਇੱਟਾਂ, ਸੀਮਿੰਟ ਆਦਿ ਵਿੱਚ ਸਿੱਧੇ ਜਾਂ ਅਸਿੱਧੇ ਤੌਰ ’ਤੇ ਕਿਸੇ ਤਰ੍ਹਾਂ ਦਾ ਹਿੱਸਾ ਪਾਇਆ ਗਿਆ ਤਾਂ ਅਧਿਕਾਰੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ।

ਇਸ ਮੌਕੇ ਉਨ੍ਹਾਂ ਨਾਲ ਵਿਧਾਇਕ ਸ੍ਰ ਮਨਵਿੰਦਰ ਸਿੰਘ ਗਿਆਸਪੁਰਾ, ਸ੍ਰ ਤਰੁਨਪ੍ਰੀਤ ਸਿੰਘ ਸੌਂਦ ਅਤੇ ਸ੍ਰ ਹਰਦੀਪ ਸਿੰਘ ਮੁੰਡੀਆਂ, ਡਿਪਟੀ ਕਮਿਸ਼ਨਰ ਸ਼੍ਰੀਮਤੀ ਸੁਰਭੀ ਮਲਿਕ, ਐਸਐਸਪੀ ਖੰਨਾ ਸ੍ਰੀ ਅਮਿਤ ਕੁਮਾਰ, ਏਡੀਸੀ (ਪੇਂਡੂ ਵਿਕਾਸ) ਸ੍ਰੀ ਅਮਿਤ ਕੁਮਾਰ ਪੰਚਾਲ, ਏਡੀਸੀ ਖੰਨਾ ਸ੍ਰੀ ਅਦਿੱਤਿਆ ਡਾਚਲਵਾਲ, ਐਸ.ਡੀ.ਐਮ ਸ੍ਰੀਮਤੀ ਦੀਪਜੋਤ ਕੌਰ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।





ਕੈਬਨਿਟ ਮੰਤਰੀ ਵਜੋਂ ਅਹੁਦਾ ਸੰਭਾਲਣ ਤੋਂ ਬਾਅਦ ਪਹਿਲੀ ਵਾਰ ਜ਼ਿਲ੍ਹਾ ਲੁਧਿਆਣਾ ਵਿਖੇ ਪਹੁੰਚਣ @ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੁਲਦੀਪ ਸਿੰਘ ਧਾਲੀਵਾਲ ਨੂੰ ਐਸ.ਡੀ.ਐਮ ਦਫ਼ਤਰ ਪਾਇਲ ਵਿਖੇ ਗਾਰਡ ਆਫ਼ ਆਨਰ ਦਿੱਤਾ ਗਿਆ। ਇਸ ਤੋਂ ਬਾਅਦ ਵਿੱਚ ਉਹ ਪਿੰਡ ਜੰਡਿਆਲੀ ਵਿਖੇ ਇੱਕ ਨਿੱਜੀ ਸਮਾਗਮ ਵਿੱਚ ਸ਼ਾਮਲ ਹੋਏ।

ਕੈਬਨਿਟ ਮੰਤਰੀ ਨੇ ਕਿਹਾ ਕਿ ਪਿੰਡਾਂ ਵਿੱਚ ਪੀਣ ਵਾਲਾ ਸਾਫ਼ ਪਾਣੀ ਮੁਹੱਈਆ ਕਰਵਾਉਣ ਅਤੇ ਗੰਦੇ ਪਾਣੀ ਦੀ ਨਿਕਾਸੀ ਲਈ ਯੋਗ ਪ੍ਰਬੰਧ ਕਰਨ ਦੀ ਲੋੜ ਹੈ ਅਤੇ ਇਹ ਕੰਮ ਪਹਿਲ ਦੇ ਆਧਾਰ ’ਤੇ ਕਰਵਾਏ ਜਾਣਗੇ।

ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਡੇਅਰੀ ਨੂੰ ਸਹਾਇਕ ਧੰਦੇ ਵਜੋਂ ਅਪਣਾਉਣ ਲਈ ਪ੍ਰੇਰਿਤ ਕੀਤਾ ਜਾਵੇਗਾ ਅਤੇ ਜੇਕਰ ਕੋਈ ਵਿਅਕਤੀ ਦੁੱਧ ਜਾਂ ਦੁੱਧ ਤੋਂ ਬਣੇ ਪਦਾਰਥਾਂ ਵਿੱਚ ਮਿਲਾਵਟ ਕਰਦਾ ਹੈ ਤਾਂ ਉਸ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਪੰਜਾਬ ਪਿੰਡਾਂ ਵਿੱਚ ਵਸਦਾ ਹੈ ਅਤੇ ਸਾਡੀ 70 ਫੀਸਦੀ ਤੋਂ ਵੱਧ ਆਬਾਦੀ ਪਿੰਡਾਂ ਵਿੱਚ ਰਹਿੰਦੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਉਨ੍ਹਾਂ ਨੂੰ ਪੰਚਾਇਤ ਅਤੇ ਪੇਂਡੂ ਵਿਕਾਸ ਮੰਤਰੀ ਵਜੋਂ ਵੱਡੀ ਜ਼ਿੰਮੇਵਾਰੀ ਸੌਂਪੀ ਹੈ ਅਤੇ ਉਹ ਉਨ੍ਹਾਂ ਦੀਆਂ ਉਮੀਦਾਂ ’ਤੇ ਖਰਾ ਉਤਰਨ ਦੀ ਪੂਰੀ ਕੋਸ਼ਿਸ਼ ਕਰਨਗੇ।

ਉਨ੍ਹਾਂ ਕਿਹਾ ਕਿ @ਆਪ@ ਸਰਕਾਰ ਦਾ ਮੁੱਖ ਏਜੰਡਾ ਪੰਜਾਬ ਨੂੰ ਭ੍ਰਿਸ਼ਟਾਚਾਰ ਮੁਕਤ ਬਣਾਉਣਾ ਅਤੇ ਲੋਕਾਂ ਨੂੰ ਨਿਰਵਿਘਨ ਸੇਵਾਵਾਂ ਪ੍ਰਦਾਨ ਕਰਨਾ ਹੈ। ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਵਿਕਾਸ ਕਾਰਜ ਬਿਨਾਂ ਕਿਸੇ ਸਿਆਸੀ ਦਬਾਅ ਜਾਂ ਭੇਦਭਾਵ ਤੋਂ ਨੇਪਰੇ ਚਾੜ੍ਹੇ ਜਾਣ।

ਕੁਝ ਪਿੰਡਾਂ ਵਿੱਚ ਗ੍ਰਾਂਟਾਂ ਰੁਕਣ @ਤੇ ਕੈਬਨਿਟ ਮੰਤਰੀ ਨੇ ਕਿਹਾ ਕਿ ਪਿਛਲੀ ਸਰਕਾਰ ਨੇ ਵੋਟਰਾਂ ਨੂੰ ਜਿੱਤਣ ਲਈ ਪਿੰਡਾਂ ਲਈ ਵੱਡੀਆਂ ਗ੍ਰਾਂਟਾਂ ਦਾ ਐਲਾਨ ਕੀਤਾ ਸੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਹ ਜਾਂਚ ਕਰ ਰਹੀ ਹੈ ਕਿ ਕੀ ਸਹੀ ਰਕਮ ਦੀ ਅਦਾਇਗੀ ਹੋਈ ਹੈ ਜਾਂ ਨਹੀਂ ਅਤੇ ਭਰੋਸਾ ਦਿਵਾਇਆ ਹੈ ਕਿ ਇੱਕ ਵਾਰ ਸਾਰੀ ਤਸਦੀਕ ਹੋਣ ਤੋਂ ਬਾਅਦ ਸਰਕਾਰ ਦੁਬਾਰਾ ਗ੍ਰਾਂਟ ਜਾਰੀ ਕਰੇਗੀ।

# ਮਾਨ ਸਰਕਾਰ ਦਾ ਵੱਡਾ ਫ਼ੈਸਲਾ, ਹੁਣ ਪ੍ਰਾਈਵੇਟ ਸਕੂਲਾਂ ਦੀ ਹੋਵੇਗੀ ਅਚਨਚੇਤ ਚੈਕਿੰਗ



**ਪਟਿਆਲਾ/ਇਕਬਾਲ ਸਿੰਘ:** ਆਪ' ਸਰਕਾਰ ਪ੍ਰਾਈਵੇਟ ਸਕੂਲਾਂ ਖਿਲਾਫ ਸ਼ਿਕੰਜਾ ਕੱਸ ਰਹੀ ਹੈ। ਹਾਲ ਹੀ ਵਿੱਚ ਮਾਨ ਸਰਕਾਰ ਨੇ ਪ੍ਰਾਈਵੇਟ ਸਕੂਲਾਂ ਨੂੰ ਫੀਸਾਂ ਨਾ ਵਧਾਉਣ ਦੀਆਂ ਹਦਾਇਤਾਂ ਜਾਰੀ ਕੀਤੀਆਂ ਸਨ। ਇਸ ਦੇ ਨਾਲ ਹੀ ਇੱਕ ਹੋਰ ਵੱਡਾ ਫ਼ੈਸਲਾ ਲੈਂਦੇ ਹੋਏ ਸਰਕਾਰ ਨੇ ਕਿਹਾ ਕਿ ਹੁਣ ਸਕੂਲਾਂ ਦੀ ਅਚਾਨਕ ਚੈਕਿੰਗ ਕੀਤੀ ਜਾਵੇਗੀ। ਚੈਕਿੰਗ ਦੌਰਾਨ ਦੇਖਿਆ ਜਾਵੇਗਾ ਕਿ ਸਾਰੇ ਸਕੂਲ ਹਦਾਇਤਾਂ ਦੀ ਪਾਲਣਾ ਕਰ ਰਹੇ ਹਨ ਜਾਂ ਨਹੀਂ।

ਪ੍ਰਾਪਤ ਜਾਣਕਾਰੀ ਅਨੁਸਾਰ ਪਟਿਆਲਾ ਦੇ ਡੀ ਈ ਓ. ਨੇ ਸਮੂਹ ਸਕੂਲ ਮੁਖੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਹਨ ਕਿ ਸਾਰਿਆਂ ਨੂੰ ਪੰਜਾਬ ਰੈਗੂਲੇਸ਼ਨ ਆਫ਼ ਫੀਸ ਆਫ਼ ਅਨਏਡਿਡ ਐਜੂਕੇਸ਼ਨਲ ਐਕਟ 2016 ਦੀ ਪਾਲਣਾ ਕਰਨੀ ਪਵੇਗੀ। ਉਨ੍ਹਾਂ ਨੇ ਇੱਕ ਸੂਚੀ ਬਣਾਈ ਹੈ ਜਿਸ ਅਨੁਸਾਰ ਸਰਕਾਰੀ ਸਕੂਲਾਂ ਦੁਆਰਾ ਵੱਖ-ਵੱਖ ਪ੍ਰਾਈਵੇਟ ਸਕੂਲਾਂ ਦੀ ਜਾਂਚ ਕੀਤੀ ਜਾਵੇਗੀ।

# ਐਸ.ਜੀ.ਐਨ.ਡੀ ਸਕੂਲ ਦੇ ਵਿਦਿਆਰਥੀਆਂ ਨੇ ਮੱਖੀਆਂ ਮੱਛਰਾਂ ਤੋਂ ਬਚਾਅ ਲਈ ਜਾਗਰੁਕਤਾ ਰੈਲੀ ਕੱਢੀ



**ਰਾਏਕੋਟ/ਗੁਰਭਿੰਦਰ ਗੁਰੀ**

ਨੇੜਲੇ ਪਿੰਡ ਆਂਡਲੂ ਵਿਖੇ ਸ੍ਰੀ ਗੁਰੂ ਨਾਨਕ ਦੇਵ ਕਾਨਵੈਂਟ ਸੀ.ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਵਲੋਂ ਗਰਮੀਆਂ ਅਤੇ ਆਗਾਮੀ ਬਰਸਾਤਾਂ ਦੇ ਮੌਸਮ ਨੂੰ ਧਿਆਨ ਵਿੱਚ ਰੱਖਦੇ ਹੋਏ ਮੱਖੀਆਂ ਅਤੇ ਮੱਛਰਾਂ ਤੋਂ ਹੋਣ ਵਾਲੀਆਂ ਬਿਮਾਰੀਆਂ ਅਤੇ ਉਨ੍ਹਾਂ ਦੇ ਬਚਾਅ ਲਈ ਪਿੰਡ ਵਿੱਚ ਇਕ ਜਾਗਰੁਕਤਾ ਰੈਲੀ ਕੱਢੀ ਗਈ। ਸਕੂਲ ਦੇ ਡਾਇਰੈਕਟਰ ਹਰਵਿੰਦਰ ਸਿੰਘ ਰਾਜਾ ਬਰਾੜ ਅਤੇ ਪ੍ਰਿੰ. ਸ੍ਰੀਮਤੀ ਰਾਜਵਿੰਦਰ ਕੌਰ ਬਰਾੜ ਦੀ ਅਗਵਾਈ 'ਚ ਇਹ ਜਾਗਰੁਕਤਾ ਰੈਲੀ ਸਕੂਲ ਤੋਂ ਸ਼ੁਰੂ ਹੋਈ ਅਤੇ ਸਾਰੇ ਪਿੰਡ ਦਾ ਚੱਕਰ ਲਗਾ ਕੇ ਵਾਪਸ ਸਕੂਲ ਵਿੱਚ ਆ ਕੇ ਖਤਮ ਹੋਈ। ਰੈਲੀ ਦੌਰਾਨ ਬੱਚਿਆਂ ਵਲੋਂ ਮੱਖੀਆਂ ਅਤੇ ਮੱਛਰਾਂ ਤੋਂ ਹੋਣ ਵਾਲੀਆਂ ਬਿਮਾਰੀਆਂ ਅਤੇ ਉਨ੍ਹਾਂ ਦੇ ਬਚਾਅ ਲਈ ਸਲੋਗਨ ਲਿੱਖੀਆਂ ਤਖ਼ਤੀਆਂ ਹੱਥੰ ਵਿੱਚ ਫੜ੍ਹੀਆਂ ਹੋਈਆਂ ਸਨ। ਇਸ ਦੌਰਾਨ ਬੱਚਿਆਂ ਵਲੋਂ ਪਿੰਡ ਦੀਆਂ ਸੱਥਾਂ ਵਿੱਚ ਭਾਸ਼ਣ ਦੇ ਕੇ ਵੀ ਉਕਤ ਬਿਮਾਰੀਆਂ ਬਾਰੇ ਲੋਕਾਂ ਨੂੰ ਜਾਗਰੁਕ ਕੀਤਾ ਗਿਆ। ਡਾਇਰੈਕਟਰ ਹਰਵਿੰਦਰ ਸਿੰਘ ਬਰਾੜ ਅਤੇ ਪ੍ਰਿੰ. ਸ੍ਰੀਮਤੀ ਰਾਜਵਿੰਦਰ ਕੌਰ ਬਰਾੜ ਨੇ ਦੱਸਿਆ ਕਿ ਜਾਗਰੁਕਤਾ ਰੈਲੀ ਦਾ ਮੁੱਖ ਮੰਤਵ ਪਿੰਡ ਵਾਸੀਆਂ ਨੂੰ ਮੱਖੀਆਂ ਮੱਛਰਾਂ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਬਾਰੇ ਜਾਗਰੁਕ ਕਰਨਾ ਸੀ। ਰੈਲੀ ਵਿੱਚ ਮੈਡਮ ਪਰਮਜੀਤ ਕੌਰ, ਕਮਲਜੀਤ ਕੌਰ, ਰਣਜੀਤ ਕੌਰ ਟੂਸਾ,ਰਣਜੀਤ ਕੌਰ, ਮਨਦੀਪ ਕੌਰ, ਗੁਰਜੀਤ ਕੌਰ, ਮੋਹਨਜੀਤ ਕੌਰ, ਗੁਰਪ੍ਰੀਤ ਕੌਰ, ਹਰਜੀਤ ਕੌਰ, ਹਰਜੀਤ ਸਿੰਘ, ਸੁਖਚੈਨ ਸਿੰਘ, ਕਮਲਪ੍ਰੀਤ ਕੌਰ, ਇੰਦਰਜੀਤ ਕੌਰ, ਮਨਪ੍ਰੀਤ ਕੌਰ, ਰੁਪਿੰਦਰ ਕੌਰ ਆਦਿ ਅਧਿਆਪਕ ਵੀ ਸ਼ਾਮਲ ਸਨ।

# ਬਦਲ ਰਹੇ ਮੌਸਮ ਵਿੱਚ ਆਪਣੀ ਸਿਹਤ ਦਾ ਖਿਆਲ ਰੱਖੋ - ਡਾ. ਜੋਸਨ



**ਜੰਡਿਆਲਾ ਗੁਰੂ/ਜਸਪਾਲ ਸ਼ਰਮਾ**

ਸਾਡੇ ਦੇਸ਼ ਦਾ ਖਾਸ ਕਰਕੇ ਉਤਰੀ ਭਾਰਤ ਦਾ ਵਾਤਾਵਰਨ ਇਹੋ ਜਿਹਾ ਹੈ ਕਿ ਇਥੇ ਸਰਦੀਆਂ ਦੇ ਮੌਸਮ ਵਿੱਚ ਠੰਢ ਵੀ ਜ਼ਿਆਦਾ ਪੈਂਦੀ ਹੈ ਤੇ ਗਰਮੀਆਂ ਦੇ ਮੌਸਮ ਵਿੱਚ ਗਰਮੀ ਵੀ ਆਪਣਾ ਪੂਰਾ ਰੰਗ ਦਿਖਾਉਣ ਵਿੱਚ ਕੋਈ ਕਸਰ ਨਹੀਂ ਛੱਡਦੀ ਤੇ ਇਸ ਬਦਲ ਰਹੇ ਮੌਸਮ ਵਿੱਚ ਸਾਨੂੰ ਬਿਮਾਰੀਆਂ ਲੱਗਣ ਦੇ ਮੌਕੇ ਕਾਫੀ ਵਧ ਜਾਂਦੇ ਹਨ, ਇਸ ਲਈ ਸਾਨੂੰ ਇਕ ਦਮ ਬਦਲ ਰਹੇ ਮੌਸਮ ਵਿੱਚ ਆਪਣੀ ਸਿਹਤ ਦਾ ਖਿਆਲ ਰੱਖਣਾ ਚਾਹੀਦਾ ਹੈ ਤਾਂ ਕਿ ਅਸੀਂ ਆਪਣੇ ਆਪ ਨੂੰ ਬਿਮਾਰੀਆਂ ਤੋਂ ਮਹਿਫੂਜ਼ ਰੱਖ ਸਕੀਏ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਪਿੰਡ ਫਤਿਹਪੁਰ ਰਾਜਪੂਤਾਂ ਦੇ ਜੋਸਨ ਹੌਲੀਸਟਿਕ ਹਸਪਤਾਲ ਵਿਖੇ ਸਕਿਨ ਸਪੈਸ਼ਲਲਿਸ਼ਟ ਡਾ. ਅਰਸ਼ਬੀਰ ਸਿੰਘ ਜੋਸਨ, ਡਾ. ਰਣਬੀਰ ਸਿੰਘ ਜੋਸਨ ਤੇ ਉਹਨਾਂ ਦੇ ਸਟਾਫ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਇਸ ਮੌਸਮ ਵਿੱਚ ਸਾਨੂੰ ਆਪਣੇ ਆਲੇ-ਦੁਆਲੇ ਦੀ ਸਫ਼ਾਈ ਵੱਲ ਖਾਸ ਧਿਆਨ ਦੇਣ ਦੀ ਲੋੜ ਹੁੰਦੀ ਹੈ ਕਿਉਂਕਿ ਸਫਾਈ ਨਾ ਹੋਣ ਦੀ ਸੂਰਤ ਵਿੱਚ ਮੱਖੀ, ਮੱਛਰ ਤੇ ਹੋਰ ਵੀ ਕਈ ਕਿਸਮ ਦੇ ਕੀੜੇ ਮਕੌੜੇ ਪੈਦਾ ਹੁੰਦੇ ਹਨ ਜੋ ਬਿਮਾਰੀਆਂ ਦਾ ਕਾਰਨ ਬਣ ਸਕਦੇ ਹਨ । ਡਾ. ਜੋਸਨ ਨੇ ਕਿਹਾ ਕਿ ਲੇਜ਼ਰ ਤਕਨੀਕ ਨਾਲ ਸਗੀਰ ਦੇ ਕਿਸੇ ਵੀ ਹਿੱਸੇ ਤੋਂ ਅਣਚਾਹੇ ਵਾਲ, ਕਿੱਲ ਮੁਹਾਂਸੇ, ਗੰਜੇਪਨ ਦਾ ਇਲਾਜ਼, ਟੈਟੂ, ਚਿਹਰੇ ਤੇ ਦਾਗ ਧੱਬੇ, ਝੁਰੜੀਆਂ, ਤਿਊੜੀਆਂ, ਚਿਹਰੇ ਤੋਂ ਵਾਧੂ ਚਰਬੀ ਤੇ ਛਾਈਆਂ ਦਾ ਇਲਾਜ਼ ਬੜੇ ਹੀ ਸੁਚੱਜੇ ਢੰਗ ਨਾਲ ਕੀਤਾ ਜਾ ਸਕਦਾ ਹੈ । ਇਸ ਮੌਕੇ ਤੇ ਇੰਜੀ. ਬਲਜੀਤ ਸਿੰਘ ਜੰਮੂ ਐਮਬੀਐਸ ਰਿਜੋਰਟ ਵਾਲੇ, ਮੈਡਮ ਨੀਲਮ, ਮੈਡਮ ਹਰਨੂਰ ਕੌਰ, ਮੈਡਮ ਸੁਖਦੀਪ ਕੌਰ, ਮੈਡਮ ਨਵਦੀਪ ਕੌਰ, ਮੈਡਮ ਕਰਮਜੀਤ ਕੌਰ ਜੌਹਲ, ਹੈਰੀ ਸਿੰਘ, ਅਮਰਬੀਰ ਸਿੰਘ ਸ਼ੇਰਾ, ਇੰਜੀ. ਕਰਨਬੀਰ ਸਿੰਘ ਥਿੰਦ, ਡਾਇਰੈਕਟਰ ਸੁਖਜੀਤ ਸਿੰਘ ਥਿੰਦ ਆਦਿ ਹਾਜ਼ਰ ਸਨ।

# ਆਮ ਆਦਮੀ ਪਾਰਟੀ ਨੇ ਸਨੌਰ ਦੇ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਵੱਲੋਂ ਲੋਕਾਂ ਨਾਲ ਨਗਰ ਕੌਂਸਲ ਵਿੱਚ ਕੀਤੀ ਬੈਠਕ



**ਪਟਿਆਲਾ/ਸਨੌਰ//ਇਕਬਾਲ ਸਿੰਘ:** ਹਲਕਾ ਸਨੌਰ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਸ. ਹਰਮੀਤ ਸਿੰਘ ਪਠਾਣਮਾਜਰਾ ਵੱਲੋਂ ਪਿੰਡ ਵਾਸੀਆਂ ਦੇ ਨਾਲ ਅੱਜ ਕੌਂਸਲ ਦਫ਼ਤਰ ਵਿਖੇ ਮੀਟਿੰਗ ਕੀਤੀ ਗਈ। ਇਸ ਮੌਕੇ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਸੱਚ ਦੇ ਅਧਾਰ ਤੇ ਕੰਮ ਕਰਵਾਏ ਜਾਣਗੇ ਜਿਹੜੀਆਂ ਸਮੱਸਿਆਵਾਂ ਆ ਰਹੀਆਂ ਹਨ। ਉਹ ਸਮੱਸਿਆਵਾਂ ਹੱਲ ਕਰੀਆਂ ਜਾਣਗੀਆਂ। ਨਗਰ ਕੌਂਸਲ ਕਾਰਜ ਕਰਤਾ ਵਿਜੇ ਅਰੋੜਾ ਨੂੰ ਮਿਲ ਕੇ ਕਿਹਾ ਗਿਆ ਹੈ ਕਿ ਇਨ੍ਹਾਂ ਸਮੱਸਿਆਵਾਂ ਨੂੰ ਦੂਰ ਕੀਤਾ ਜਾਵੇ।

# ਨਸ਼ਿਆਂ ਦੇ ਖਾਤਮੇ ਲਈ ਇਲਾਕੇ ਦੇ ਚੰਗੇ ਲੋਕ ਵੀ ਬਣਨ ਮਦਦਗਾਰ : ਥਾਣਾ ਮੁਖੀ ਪਰਮਜੀਤ ਸਿੰਘ ਵਿਰਦੀ



**ਖਡੂਰ ਸਾਹਿਬ/ਜੱਜ ਕੰਡਾ:-** ਥਾਣਾ ਮੁਖੀ ਪਰਮਜੀਤ ਸਿੰਘ ਵਿਰਦੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਨਸ਼ਿਆਂ ਦੇ ਖਾਤਮੇ ਅਤੇ ਸ਼ਰਾਰਤੀ ਅਨਸਰਾਂ ਨੂੰ ਲਗਾਮ ਪਾਉਣ ਲਈ ਨੌਜਵਾਨ ਪੀੜ੍ਹੀ ਅਤੇ ਇਲਾਕੇ ਦੇ ਚੰਗੇ ਲੋਕ ਵੀ ਮਦਦਗਾਰ ਬਣਨ ਤਾਂ ਜੋ ਇਸ ਲਾਹਨਤ ਨੂੰ ਮਿਲ ਕੇ ਖ਼ਤਮ ਕੀਤਾ ਜਾ ਸਕੇ ਉਨ੍ਹਾਂ ਕਿਹਾ ਕਿ ਥਾਣਾ ਵੈਰੋਵਾਲ ਦੀ ਹਦੂਦ ਅੰਦਰ ਜੇਕਰ ਕਿਸੇ ਵਿਅਕਤੀ ਦੁਆਰਾ ਕੀਤੀ ਜਾ ਰਹੀ ਗੈਰ ਕਾਨੂੰਨੀ ਗਤੀਵਿਧੀ ਤੇ ਨਜ਼ਰ ਪੈਂਦੀ ਹੈ ਤਾਂ ਉਸਦੀ ਸੂਚਨਾ ਤੁਰੰਤ ਉਨ੍ਹਾਂ ਨੂੰ ਫੋਨ ਰਾਹੀਂ ਜਾਂ ਮਿਲ ਕੇ ਦਿੱਤੀ ਜਾ ਸਕਦੀ ਹੈ ਇਸ ਮੌਕੇ ਥਾਣਾ ਮੁਖੀ ਪਰਮਜੀਤ ਸਿੰਘ ਵਿਰਦੀ ਨੇ ਸਮਾਜ ਸੇਵੀ ਸੰਸਥਾਵਾਂ ਨੂੰ ਵੀ ਬੇਨਤੀ ਕੀਤੀ ਹੈ ਕਿ ਉਹ ਇਸ ਮੁਹਿੰਮ ਵਿਚ ਵੱਧ ਚੜ੍ਹ ਕੇ ਅੱਗੇ ਆਉਣ ਤਾਂ ਜੋ ਇਸ ਨਸ਼ਿਆਂ ਰੂਪੀ ਦੈਂਤ ਨੂੰ ਖਤਮ ਕੀਤਾ ਜਾਵੇ ਅਤੇ ਆਉਣ ਵਾਲੇ ਭਵਿੱਖ ਨੂੰ ਸਹੀ ਸੇਧ ਦਿੱਤੀ ਜਾਵੇ।

ਅਦਾਰਾ 'ਲੋਕ ਬਾਣੀ' ਵਿੱਚ ਛਾਪੀਆਂ ਜਾਂਦੀਆਂ ਖ਼ਬਰਾਂ, ਰਿਪੋਰਟਾਂ, ਲੇਖ, ਕਹਾਣੀਆਂ, ਕਵਿਤਾਵਾਂ ਅਤੇ ਹਰ ਕਿਸਮ ਦੇ ਇਸ਼ਤਿਹਾਰਾਂ ਵਿੱਚ ਦਿੱਤੀ ਗਈ ਸੂਚਨਾ, ਵਿਚਾਰ ਆਦਿ ਨਾਲ ਅਖ਼ਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ। ਇਸ ਅਖ਼ਬਾਰ ਵਿੱਚ ਛਪੇ ਇਸ਼ਤਿਹਾਰ (ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜ਼ਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁੱਭ ਚਿੰਤਕਾਂ ਨੂੰ ਬੇਨਤੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ 'ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਤੱਥਾਂ ਦੀ ਪੜਤਾਲ,ਪੁਸ਼ਟੀ ਕਰ ਲੈਣ। -ਸੰਪਾਦਕ

Daily Lok Bani (Punjabi) R.N.I. Punpun 29016,2008 Edior, Owner, Printer, Publisher, Amandeep Mehra Printed at Rachna Printers, Railway Road Jalandhar Place of Publication : 308 Sangam complex Milap Chowk, Jalandhar (India) , Contect No. : 0181-2211009, Fax : 2211009 , Email Id : lokbani08@gmail.com ,

# ਤਿੰਨ ਰੋਜ਼ਾ ਕ੍ਰਿਕਟ ਟੂਰਨਾਮੈਂਟ ਦਾ ਉਦਘਾਟਨ ਸਨੀ ਦੂਆ ਸੀਨੀਅਰ ਵਾਈਸ ਪ੍ਰਧਾਨ ਨੇ ਕੀਤਾ



**ਸਮਰਾਲਾ/ਭੂਸ਼ਨ ਬਾਂਸਲ ਸੁਨੀਲ ਅੱਗਰਵਾਲ**

ਸ਼ਾਹੀ ਸਪੋਰਟਸ ਕਾਲਜ ਸਮਰਾਲਾ ਵਿਖੇ ਅੱਜ ਯੰਗ ਸਟਾਰ ਸਪੋਰਟਸ ਕਲੱਬ ਵੱਲੋਂ ਚੌਥਾ ਸ਼ਾਨਦਾਰ ਕ੍ਰਿਕਟ ਟੂਰਨਾਮੈਂਟ ਕਰਵਾਇਆ ਗਿਆ ਜਿਸ ਵਿੱਚ ਵਿਸੇਸ਼ ਤੌਰ ਤੇ ਕ੍ਰਿਕਟ ਟੂਰਨਾਮੈਂਟ ਦਾ ਉਦਘਾਟਨ ਕਰਨ ਲਈ ਸੀਨੀਅਰ ਵਾਈਸ ਪ੍ਰਧਾਨ ਨਗਰ ਕੌਂਸਲ ਸਮਰਾਲਾ ਸਨੀ ਦੂਆ ਪਹੁੰਚੇ ਅਤੇ ਉਨ੍ਹਾਂ ਵੱਲੋਂ ਇਸ ਕ੍ਰਿਕਟ ਟੂਰਨਾਮੈਂਟ ਦਾ ਉਦਘਾਟਨ ਕੀਤਾ ਗਿਆ ਉਨ੍ਹਾਂ ਦੇ ਨਾਲ ਰੂਪਮ ਗੰਭੀਰ ਗੌਰਵ ਦੂਆ ਹੇਆਸ਼ ਦੂਆ ਆਦਿ ਹਾਜ਼ਰ ਸਨ ਉਨ੍ਹਾਂ ਉਦਘਾਟਨ ਕਰਨ ਸਮੇਂ ਬੋਲਦਿਆਂ ਕਿਹਾ ਕਿ ਸਾਨੂੰ ਇਹੋ ਜਿਹੇ ਟੂਰਨਾਮੈਂਟ ਕਰਵਾਉਣੇ ਚਾਹੀਦੇ ਹਨ ਤਾਂ ਕਿ ਜੋ ਸਾਡੀ ਨੌਜਵਾਨ ਪੀੜ੍ਹੀ ਨੂੰ ਆਪਾਂ ਨਸ਼ਿਆਂ ਤੋਂ ਬਚਾਇਆ ਜਾ ਸਕੇ ਉਨ੍ਹਾਂ ਕਿਹਾ ਕੋਈ ਵੀ ਗੇਮ ਖੇਡਣ ਨਾਲ ਆਪਣੇ ਸਰੀਰ ਨੂੰ ਆਪਣੇ ਸਰੀਰ ਦੀ ਬਿਮਾਰੀਆਂ ਤੋਂ ਵੀ ਬਚਾਇਆ ਜਾ ਸਕਦਾ ਯੰਗ ਸਟਾਰ ਸਪੋਰਟਸ ਕਲੱਬ ਮੈਂਬਰਾਂ ਵੱਲੋਂ ਵਿਸ਼ੇਸ਼ ਤੌਰ ਤੇ ਸਨੀ ਦੂਆ ਦਾ ਸਨਮਾਨ ਵੀ ਕੀਤਾ ਗਿਆ ਇਸ ਮੌਕੇ ਕਲੱਬ ਮੈਂਬਰ ਹਾਜ਼ਰ ਗੱਗੀ ਜੱਸ ਬੇਦੀ ਅੱਛਰ ਸਾਹਿਬ ਸੰਜੀਵ ਆਦਿ ਹਾਜ਼ਰ ਸਨ।

# ਡਾਕਟਰ ਰਮਨਜੀਤ ਕੌਰ ਨੂੰ ਸਕੂਲ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ



**ਮੋਗਾ/ਧਰਮਕੋਟ ਦਵਿੰਦਰ ਸਿੰਘ ਬਿੱਟੂ**

ਸਿੱਖਿਆ ਨੂੰ ਉਤਸ਼ਾਹਿਤ ਕਰਨ ਦੇ ਯਤਨਾਂ ਤਹਿਤ ਮਾਨਯੋਗ ਐਮ ਐਲ ਏ ਦਵਿੰਦਰਜੀਤ ਸਿੰਘ ਲਾਡੀ ਢੋਸ ਵੱਲੋਂ ਉਚੇਚੇ ਤੌਰ ਤੇ ਉਨ੍ਹਾਂ ਦੀ ਪਤਨੀ ਡਾਕਟਰ ਰਮਨਜੀਤ ਕੌਰ ਅਤੇ ਭੈਣ ਅਮਨਦੀਪ ਕੌਰ ਵੱਲੋਂ ਸਥਾਨਕ ਸਰਕਾਰੀ ਸੀਨੀਅਰ ਸਕੈਂਡਰੀ ਸਮਾਰਟ ਸਕੂਲ ਕੈਲਾ ਵਿਖੇ ਵਿਸ਼ੇਸ਼ ਵਿਜ਼ਿਟ ਕ ?ਰਵਾਈ ਗਈ। ਇਸ ਮੌਕੇ ਉਨ੍ਹਾਂ ਸਕੂਲ ਦੀ ਸਵੇਰ ਦੀ ਸਭਾ ਨੂੰ ਰੌਚਕਤਾ ਨਾਲ ਦੇਖਿਆ ਅਤੇ ਇਸਦੀ ਸ਼ਲਾਘਾ ਕੀਤੀ। ਉਹਨਾਂ ਨੇ ਸਕੂਲ ਕੰਪਲੈਕਸ ਅਤੇ ਲੈਬਜ਼ ਨੂੰ ਦੇਖਦਿਆਂ ਹੋਇਆਂ ਸਮੁੱਚੇ ਸਕੂਲ ਪ੍ਰਬੰਧ ਅਤੇ ਅਨੁਸ਼ਾਸਨ ਨੂੰ ਪ੍ਰਭਾਵਸ਼ਾਲੀ ਦੱਸਿਆ। ਉਨ੍ਹਾਂ ਨੇ ਪ੍ਰਿੰਸੀਪਲ ਸ੍ਰੀ ਵਿਨੋਦ ਸ਼ਰਮਾ ਅਤੇ ਸਟਾਫ਼ ਨਾਲ ਗੱਲਬਾਤ ਕਰਦੇ ਹੋਏ ਸਕੂਲ ਨੂੰ ਹੋਰ ਸਹਿਯੋਗ ਦੇਣ ਦਾ ਵਾਅਦਾ ਕੀਤਾ ਅਤੇ ਚੰਗੀਆਂ ਪ੍ਰਾਪਤੀਆਂ ਵਾਲੇ ਟਾਪਰ ਵਿਦਿਆਰਥੀ ਲਈ ਸਰਦਾਰ ਕੁਲਦੀਪ ਸਿੰਘ ਢੋਸ ਦੇ ਨਾਮ ਤੇ ਸਕਾਲਰਸ਼ਿਪ ਸ਼ੁਰੂ ਕਰਨ ਦਾ ਐਲਾਨ ਕੀਤਾ।ਇਸ ਸਮੇਂ ਪ੍ਰਿੰਸੀਪਲ ਸ੍ਰੀ ਵਿਨੋਦ ਸ਼ਰਮਾ ਵੱਲੋਂ ਢੋਸ ਪਰਿਵਾਰ ਵੱਲੋਂ ਸਕੂਲ ਲਈ ਪਾਏ ਗਏ ਯੋਗਦਾਨ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਡਾਕਟਰ ਰਮਨਜੀਤ ਕੌਰ ਵੱਲੋਂ ਸਕੂਲ ਵਿਦਿਆਰਥੀਆਂ ਨੂੰ ਰਿਫਰੈਸ਼ਮੈਂਟ ਦਾ ਸਾਮਾਨ ਵੰਡਿਆ ਗਿਆ ਅਤੇ ਸਕੂਲ ਸਟਾਫ ਵੱਲੋਂ ਉਨ੍ਹਾਂ ਨੂੰ ਯਾਦ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਲਾਡੀ ਢੋਸ ਦੇ ਸਪੁੱਤਰ ਯੋਧ ਸਿੰਘ ਢੋਸ ਤੋਂ ਇਲਾਵਾ ਮੰਗਲ ਸਿੰਘ, ਸਕੂਲ ਸਟਾਫ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

# ਅਨਾਜ ਮੰਡੀਆ ਵਿੱਚ ਕਿਸਾਨਾਂ ਦੀ ਕਣਕ ਦਾ ਝਾੜ ਬਹੁਤ ਘੱਟ ਨਿਕਲਣ ਕਾਰਨ ਕਿਸਾਨ ਹੋਏ ਪਰੇਸ਼ਾਨ ਸਰਕਾਰ ਤੋਂ ਕੀਤੀ ਮੁਆਵਜੇ ਦੀ ਮੰਗ

**ਪਟਿਆਲਾ/ਸਨੌਰ/ਇਕਬਾਲ ਸਿੰਘ**

ਅਨਾਜ ਮੰਡੀ ਸਨੌਰ ਵਿੱਚ ਕਣਕ ਲੈਕੇ ਪਹੁੰਚਣ ਤੇ ਬਹੁਤ ਜ਼ਿਆਦਾ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਕਿਉਂਕਿ ਕਿਸਾਨਾਂ ਦੀ ਕਣਕ ਦੀ ਫਸਲ ਦਾ ਝਾੜ ਘੱਟ ਨਿਕਲਿਆ ਹੈ ਪਹਿਲਾਂ ਇੱਕ ਕਿੱਲੇ ਵਿੱਚ 35 ਕੁਇੰਟਲ ਦੇ ਕਰੀਬ ਝਾੜ ਨਿਕਲਦਾ ਸੀ। ਪਰ ਹੁਣ 10 ਕੁਇੰਟਲ ਦੇ



ਕਰੀਬ ਰਹਿ ਗਿਆ ਹੈ ਉਨ੍ਹਾਂ ਕਿਹਾ ਕਿ ਲੱਖਾਂ ਰੁਪਏ ਦੀ ਕੀਤੀ ਮਿਹਨਤ ਪੱਲੇ ਨਹੀਂ ਪੈ ਰਹੀ। ਜਿਸ ਕਰਕੇ ਉਹਨਾਂ ਨੂੰ ਅਨੇਕਾਂ ਪ੍ਰਕਾਰ ਦੀਆਂ ਮੁਸੀਬਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਿਸਾਨਾਂ ਨੂੰ ਮੁਆਵਜ਼ਾ ਦਿੱਤਾ ਜਾਵੇ ਤਾਂ ਜੋ ਉਨ੍ਹਾਂ ਦੀ ਕਣਕ ਦੀ ਫ਼ਸਲ ਦੀ ਮਿਹਨਤ ਉਨ੍ਹਾਂ ਨੂੰ ਮਿਲ ਸਕੇ।

# ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੇ ਕੇਜਰੀਵਾਲ ਵੱਲੋਂ ਮੁਫਤ ਬਿਜਲੀ ਦੇਣ ਦਾ ਵਾਅਦਾ ਪੂਰਾ ਕੀਤਾ

## ਗੁਰਦਾਸਪੁਰ 'ਚ ਢੋਲ ਦੀ ਤਾਲ 'ਤੇ ਭੰਗੜਾ ਪਾ ਕੇ 300 ਯੂਨਿਟ ਬਿਜਲੀ ਮੁਫ਼ਤ ਦੇਣ ਦੀ ਸਕੀਮ ਲਾਗੂ ਕਰਨ ਦਾ ਕੀਤਾ ਸਵਾਗਤ

**ਗੁਰਦਾਸਪੁਰ/ਨਵਨੀਤ ਕੁਮਾਰ**

ਮੁੱਖ ਮੰਤਰੀ ਬਣਨ ਤੋਂ ਇੱਕ ਮਹੀਨੇ ਬਾਅਦ ਹੀ ਭਗਵੰਤ ਮਾਨ ਨੇ ਚੋਣਾਂ ਤੋਂ ਪਹਿਲਾਂ ਪੰਜਾਬੀਆਂ ਨੂੰ 300 ਯੂਨਿਟ ਬਿਜਲੀ ਮੁਫਤ ਦੇਣ ਦਾ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਵੱਲੋਂ ਕੀਤਾ ਵਾਅਦਾ ਪੂਰਾ ਕਰ ਦਿੱਤਾ ਹੈ। ਇਸ ਖੁਸ਼ੀ ਵਿੱਚ ਅੱਜ ਗੁਰਦਾਸਪੁਰ ਵਿੱਚ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਰਮਨ ਬਹਿਲ ਦੇ ਗ੍ਰਹਿ ਵਿਖੇ ਵਧਾਈਆਂ ਦੇਣ ਵਾਲਿਆਂ ਦਾ ਮੇਲਾ ਲੱਗਾ ਰਿਹਾ। ਸ੍ਰੀ ਬਹਿਲ ਨੂੰ ਵਧਾਈ ਦੇਣ ਲਈ ਪੁੱਜੇ ਵਰਕਰਾਂ ਨੇ ਢੋਲ ਦੀ ਥਾਪ 'ਤੇ ਭੰਗੜਾ ਪਾ ਕੇ ਮੁੱਖ ਮੰਤਰੀ ਦੇ 1 ਜੁਲਾਈ ਤੋਂ ਮੁਫ਼ਤ ਬਿਜਲੀ ਦੇਣ ਦੇ ਵਾਅਦੇ ਨੂੰ ਲਾਗੂ ਕਰਨ ਦੇ ਐਲਾਨ ਦਾ ਸਵਾਗਤ ਕੀਤਾ।





ਇਸ ਮੌਕੇ ਰਮਨ ਬਹਿਲ ਸਾਬਕਾ ਚੇਅਰਮੈਨ ਐਸ ਐਸ ਐਸ ਬੋਰਡ ਪੰਜਾਬ ਨੇ ਕਿਹਾ ਕਿ ਆਮ ਆਦਮੀ ਪਾਰਟੀ ਰਵਾਇਤੀ ਪਾਰਟੀਆਂ ਨਾਲੋਂ ਵੱਖਰੀ ਮੰਨੀ ਜਾਂਦੀ ਹੈ ਕਿਉਂਕਿ ਉਹ ਚੋਣ ਵਾਅਦਿਆਂ ਦੀ ਬਿਆਨਬਾਜ਼ੀ ਨੂੰ ਪ੍ਰਵਾਨ ਨਹੀਂ ਕਰਦੀ ਸਗੋਂ ਵਾਅਦੇ ਦੀ ਥਾਂ ਗਾਰੰਟੀ ਸ਼ਬਦ ਦੀ ਵਰਤੋਂ ਕਰਦੀ ਹੈ। ਉਨ੍ਹਾਂ ਕਿਹਾ ਕਿ ਇਹ ਪੰਜਾਬੀਆਂ ਲਈ ਵੱਡੀ ਰਾਹਤ ਦੀ ਗੱਲ ਹੈ ਅਤੇ ਪੰਜਾਬ ਇਸ ਤੋਂ ਬਾਅਦ ਸਾਰੀਆਂ ਗਾਰੰਟੀਆਂ ਪੂਰੀਆਂ ਕਰਨ ਦਾ ਭਰੋਸਾ ਰੱਖਦਾ ਹੈ।

ਸ੍ਰੀ ਬਹਿਲ ਨੇ ਕਿਹਾ ਕਿ ਪੰਜਾਬ ਵਿੱਚ ਇੱਕ ਨਵਾਂ ਯੁੱਗ ਪਰਤਿਆ ਹੈ। 25,000 ਨਵੀਆਂ ਨੌਕਰੀਆਂ ਦੀ ਵਿਵਸਥਾ ਕੀਤੀ ਗਈ ਹੈ ਅਤੇ ਇਸ ਦੇ ਨਾਲ ਹੀ ਕੱਚੇ ਕਾਮਿਆਂ ਨੂੰ ਪੱਕਾ ਕਰਨ ਦੀ ਪ੍ਰਕਿਰਿਆ ਵੀ ਚੱਲ ਰਹੀ ਹੈ। ਪੰਜਾਬ ਵਿੱਚ ਅਮਨ-ਕਾਨੂੰਨ ਦੀ ਪਾਲਣਾ ਯਕੀਨੀ ਬਣਾਉਣ ਲਈ ਵੱਡੇ ਪੱਧਰ @ਤੇ ਯੋਜਨਾਬੰਦੀ ਕੀਤੀ ਜਾ ਰਹੀ ਹੈ।

ਸ੍ਰੀ ਬਹਿਲ ਨੇ ਅੱਗੇ ਕਿਹਾ ਕਿ ਗੁਰਦਾਸਪੁਰ ਵਿੱਚ ਬਾਗਬਾਨੀ ਦੀ ਵੱਡੀ ਸੰਭਾਵਨਾ ਹੋਣ ਕਾਰਨ ਇਸ ਸੀਮਾਂਤ ਜ਼ਿਲ੍ਹੇ ਵਿੱਚ ਖੇਤੀ ਅਧਾਰਤ ਉਦਯੋਗ ਸਥਾਪਤ ਕਰਨ ਦੀ ਵੱਡੀ ਸੰਭਾਵਨਾ ਹੈ। ਉਨ੍ਹਾਂ ਇਸ ਮੌਕੇ ਜ਼ਿਲ੍ਹੇ ਦੇ ਸਮੂਹ ਨਾਗਰਿਕਾਂ, ਪਾਰਟੀ ਆਗੂਆਂ ਅਤੇ ਵਰਕਰਾਂ ਨੂੰ ਵਧਾਈ ਦਿੱਤੀ।

# ਮਈ ਦਿਵਸ ਮਨਾਉਣ ਸਬੰਧੀ ਮੀਟਿੰਗ ਕੀਤੀ ਗਈ



**ਮਲੋਟ/ ਗਿਆਨ ਸਾਹਨੀ**

ਬੀਤੇ ਦਿਨੀਂ ਮਜ਼ਦੂਰ ਦਿਵਸ ਮਨਾਉਣ ਸੰਬੰਧੀ ਤਿਆਰੀ ਕਮੇਟੀ ਦੀ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੀਟਿੰਗ ਵਿੱਚ ਸ਼ਿਕਾਗੋ ਦੇ ਸ਼ਹੀਦਾਂ ਦੀ ਸ਼ਹਾਦਤ ਦੇ ਰੂਪ @ਚ ਹਰ ਸਾਲ ਮਨਾਏ ਜਾਂਦੇ 1 ਮਈ ਦੇ ਦਿਹਾੜੇ ਸੰਬੰਧੀ ਕੀਤੇ ਜਾਣ ਵਾਲੇ ਸਮਾਗਮ ਦੀ ਰੂਪ ਰੇਖਾ ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਦੇ ਨਾਲ ਹੀ ਵੱਖ-ਵੱਖ ਯੂਨੀਅਨਾਂ ਦੇ ਆਗੂਆਂ ਨੇ ਆਪਣੇ-ਆਪਣੇ ਵਿਚਾਰ ਰੱਖੇ। ਇਸ ਮੌਕੇ ਮਾਸਟਰ ਹਿੰਮਤ ਸਿੰਘ, ਮਾਸਟਰ ਕੁਲਵਿੰਦਰ ਸਿੰਘ, ਗੁਰਚਰਨ ਸਿੰਘ ਬੁੱਟਰ, ਪ੍ਰਧਾਨ ਲਖਵਿੰਦਰ ਸਿੰਘ, ਕੁਲਵੰਤ ਸਿੰਘ, ਕਾਮਰੇਡ ਰਾਜਿੰਦਰ ਸਿੰਘ, ਕਿਰਪਾਲ ਸਿੰਘ, ਲੱਖਜੀਤ ਸ਼ੇਖੂ, ਬ੍ਰਿਜ ਲਾਲ, ਮਲਕੀਤ ਸਿੰਘ ਰਾਮਾਨੰਦ, ਜਸਪਾਲ ਝੋਰੜ ਆਦਿ ਹਾਜ਼ਿਰ ਸਨ।

# ਮੱਲੀਆਂ ਸਕੂਲ ਵਿਖੇ ਟੀਚਰ ਵਰਕਸ਼ਾਪ ਲਗਾਈ



**ਜੰਡਿਆਲਾ ਗੁਰੂ/ਜਸਪਾਲ ਸ਼ਰਮਾ:-** ਤਰਨਾ ਦਲ ਦੇ ਮੁਖੀ ਬਾਬਾ ਗੱਜਣ ਸਿੰਘ ਦੀ ਰਹਿਨੁਮਾਈ ਹੇਠ ਚੱਲ ਰਹੀ ਸੀ ਬੀ ਐਸ ਈ ਸੰਸਥਾ ਸ੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ ਮੱਲੀਆਂ ਵਿਖੇ ਬੱਚਿਆਂ ਨੂੰ ਉਚੇਰੀ ਸਿਖਿਆ ਦੇਣ ਲਈ ਮੈਡਮ ਹਿਮਾਨੀ ਮਿੱਤਲ ਵੱਲੋਂ ਟੀਚਰਾਂ ਦੀ ਸਿਖਿਆ ਵਰਕਸ਼ਾਪ ਲਗਾਈ ਗਈ ਜਿਸ ਵਿੱਚ ਐਜੂਕੇਸ਼ਨ ਟੀਚਿੰਗ ਮੈਥੁਡ ਤੇ ਨੈਸ਼ਨਲ ਐਜੂਕੇਸਨ ਪੌਲਸੀ 2020 ਦੀ ਜਾਣਕਾਰੀ ਦਿੱਤੀ ਗਈ ਜਥੇਦਾਰ ਬਾਬਾ ਗੱਜਣ ਸਿੰਘ ਜੀ ਦੀ ਉਚੇਰੀ ਸੋਚ ਤੇ ਸਿੱਖਿਆ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਸਕੂਲ ਦੇ ਪਿ ?ਸੀਪਲ ਪਲਵਿੰਦਰ ਨਾਲ ਸਿੰਘ ਵੱਲੋਂ ਅਣਥੱਕ ਮਿਹਨਤ ਕੀਤੀ ਜਾ ਰਹੀ ਹੈ ਨਵੀਂ ਤਕਨੀਕ ਦੀ ਪੜ੍ਹਾਈ, ਬੱਚਿਆਂ ਲਈ ਵਧੀਆ ਬੈਠਣ ਦਾ ਪ੍ਰਬੰਧ, ਸਾਫ਼ ਸੁਥਰਾ ਵਾਤਾਵਰਨ, ਅਗਾਂਹ ਵਧੂ ਟੀਚਰ ਤੇ ਹੋਰ ਕਈ ਬੱਚਿਆਂ ਦੇ ਭਵਿੱਖ ਨੂੰ ਲੈਣ ਕਿ ਪ੍ਰਬੰਧ ਕੀਤੇ ਜਾ ਰਹੇ ਹਨ ਇਸ ਸਾਰਾ ਸਕੂਲ ਸਟਾਫ ਹਾਜ਼ਰ ਸੀ।

# ਕਿਸਾਨ ਸੰਘਰਸ਼ ਕਮੇਟੀ ਦੀ ਅਗਵਾਈ ਹੇਠ ਥਾਣਾ ਵੈਰੋਵਾਲ ਚ ਬੀਬੀਆਂ ਵੱਲੋਂ ਲਗਾਇਆ ਗਿਆ ਧਰਨਾ



**ਖਡੂਰ ਸਾਹਿਬ/ਜੱਜ ਕੰਡਾ**

ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਅਧੀਨ ਆਉਂਦੇ ਪਿੰਡ ਅਲੋਵਾਲ ਦੀਆਂ ਬੀਬੀਆਂ ਵੱਲੋਂ ਨਸ਼ਿਆਂ ਦੇ ਮੁੱਦੇ ਨੂੰ ਲੈ ਕੇ ਕਿਸਾਨ ਸੰਘਰਸ਼ ਕਮੇਟੀ ਦੀ ਅਗਵਾਈ ਹੇਠ ਅੱਜ ਥਾਣਾ ਵੈਰੋਵਾਲ ਵਿਖੇ ਧਰਨਾ ਲਗਾ ਦਿੱਤਾ ਗਿਆ ਇਸ ਧਰਨੇ ਦੀ ਅਗਵਾਈ ਕਰਦਿਆਂ ਕਿਸਾਨ ਸੰਘਰਸ਼ ਕਮੇਟੀ ਜ਼ੋਨ ਖਡੂਰ ਸਾਹਿਬ ਦੇ ਪ੍ਰਧਾਨ ਦਿਆਲ ਸਿੰਘ ਮੀਆਂਵਿੰਡ ਨੇ ਧਰਨੇ ਵਿਚ ਸ਼ਾਮਲ ਲੋਕਾਂ ਨੂੰ ਆਪਣੇ ਸੰਬੋਧਨ ਰਾਹੀਂ ਕਿਹਾ ਕਿ ਅੱਜ ਸਾਡੇ ਵੱਲੋਂ ਕਿਸਾਨਾਂ ਦੀ ਮੀਟਿੰਗ ਲਈ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਅਨਾਊਂਸਮੈਂਟ ਕੀਤੀ ਗਈ ਪਿੰਡ ਦੀਆਂ ਬੀਬੀਆਂ ਵੱਡੀ ਤਦਾਦ ਵਿਚ ਜਿਨ੍ਹਾਂ ਨੇ ਬੱਚੇ ਨਸ਼ੇ ਵਿੱਚ ਗਲਤਾਨ ਰਹਿੰਦੇ ਸਨ ਉਨ੍ਹਾਂ ਦੇ ਪਰਿਵਾਰਕ ਮੈਂਬਰ ਮੀਟਿੰਗ ਵਿਚ ਸ਼ਾਮਲ ਹੋਏ ਅਤੇ ਆਪੋ ਆਪਣੇ ਬੱਚਿਆਂ ਦੀਆਂ ਹੱਡਬੀਤੀਆਂ ਉਨ੍ਹਾਂ ਨੇ ਦਿਆਲ ਸਿੰਘ ਪ੍ਰਧਾਨ ਦੇ ਸਾਹਮਣੇ ਰੱਖੀਆਂ ਪਿੰਡ ਦੀਆਂ ਬੀਬੀਆਂ ਨੇ ਦੱਸਿਆ ਕਿ ਸਾਡੇ ਬੱਚੇ ਨਸ਼ੇ ਦੀ ਦਲਦਲ ਵਿੱਚ ਬੁਰੀ ਤਰ੍ਹਾਂ ਫਸ ਗਏ ਹਨ ਅਤੇ ਰੋਜ਼ ਪਲ ਪਲ ਨਸ਼ੇ ਦੇ ਨਾਲ ਮਰ ਰਹੇ ਹਨ । ਸਾਡਾ ਜੀਣਾ ਮੁਸ਼ਕਿਲ ਕਰ ਦਿੱਤਾ ਹੈ ਸਾਡੇ ਘਰਾਂ ਚੋਂ ਜੋ ਕਿ ਬਰਤਨ ਆਦਿ ਸਾਮਾਨ ਚੁੱਕ ਕੇ ਵੇਚ ਰਹੇ ਹਨ ਇਸ ਸਬੰਧ ਵਿਚ ਥਾਣਾ ਵੈਰੋਵਾਲ ਧਰਨਾ ਲਗਾਉਣ ਦਾ ਪ੍ਰੋਗਰਾਮ ਉਲੀਕਿਆ ਗਿਆਜਿੱਥੇ ਵੱਡੀ ਤਾਦਾਦ ਵਿੱਚ ਇਕੱਤਰ ਹੋਈਆਂ ਬੀਬੀਆਂ ਨੇ ਪੰਜਾਬ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਖਿਲਾਫ਼ ਭਾਰੀ ਨਾਅਰੇਬਾਜ਼ੀ ਕੀਤੀ ਗਈ ਅਤੇ ਨਸ਼ਿਆਂ ਨੂੰ ਬੰਦ ਕਰਵਾਉਣ ਲਈ ਸਖ਼ਤ ਕਦਮ ਚੁੱਕਣ ਲਈ ਭਗਵੰਤ ਮਾਨ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਨੂੰ ਗੁਹਾਰ ਲਗਾਈ ਇਸ ਮੌਕੇ ਹਾਜ਼ਰ ਪ੍ਰਧਾਨ ਸਰਬਜੀਤ ਕੌਰ ਅਕਾਈ ਅੱਲੋਵਾਲ, ਬਖਸ਼ੀਸ਼ ਕੌਰ, ਦਵਿੰਦਰ ਕੌਰ, ਗੁਰਦੀਪ ਕੌਰ ,ਵੀਰ ਕੌਰ, ਸੁਰਜੀਤ ਕੌਰ, ਸੁੱਖੀ ਕੌਰ, ਪਲਵਿੰਦਰ ਕੌਰ, ਰਜਿੰਦਰ ਕੌਰ, ਦਵਿੰਦਰ ਕੌਰ, ਰੇਖਾ, ਭੋਲੀ ਕੌਰ, ਰਾਜ ਕੌਰ ਆਦਿ ਹਾਜ਼ਰ ਸਨ।

# ਅੱਜ ਹੋਣਗੇ ਸ. ਰਛਪਾਲ ਸਿੰਘ ਪਾਲ ਤਰਲੋਕ ਸਿੰਘ ਦੀਵਾਨਾ ਪੰਥਕ ਕਵੀ ਪੁਰਸਕਾਰ ਨਾਲ ਸਨਮਾਨਿਤ



**ਜੰਡਿਆਲਾ ਗੁਰੂ/ਜਸਪਾਲ ਸ਼ਰਮਾ**

ਪੰਜਾਬੀ ਸਾਹਿਤ ਸਭਾ (ਰਜਿ) ਜੰਡਿਆਲਾ ਗੁਰੂ ਦਾ ਸਲਾਨਾ ਸਮਾਗਮ ਅੱਜ 17 ਅਪ੍ਰੈਲ ਨੂੰ ਦਿੱਲੀ ਪਬਲਿਕ ਸਕੂਲ ਮਾਨਾਂਵਾਲਾ ਵਿਖੇ ਕੀਤਾ ਜਾਵੇਗਾ ਅਤੇ ਪੰਜਾਬੀ ਸਾਹਿਤ ਅਤੇ ਪੰਥਕ ਜਗਤ ਦੀਆਂ ਕਈ ਨਾਮਵਰ ਸਖਸ਼ੀਅਤਾਂ ਨੂੰ ਸਨਮਾਨਿਤ ਕੀਤਾ ਜਾਵੇਗਾ। ਸਭਾ ਵੱਲੋਂ ਸ.ਤਰਲੋਕ ਸਿੰਘ ਦੀਵਾਨਾ ਤੀਜੇ ਪੰਥਕ ਕਵੀ ਪੁਰਸਕਾਰ ਨਾਲ ਜਲੰਧਰ ਦੇ ਵਸਨੀਕ ਪੰਜਾਬ ਦੇ ਰਫ਼ੀ ਕਹੇ ਜਾਣ ਵਾਲੇ ਸ. ਰਛਪਾਲ ਸਿੰਘ ਪਾਲ, ਲਾਈਫ ਟਾਈਮ ਅਚੀਵਮੈਂਟ ਪੁਰਸਕਾਰ ਅਤੇ ਸੁਖਵੰਤ ਆਰਟਿਸਟ ਤੀਜੇ ਯਾਦਗਾਰੀ ਪੁਰਸਕਾਰ ਨਾਲ ਮਰਹੂਮ ਚਿੱਤਰਕਾਰ ਸ਼੍ਰੀ ਅਮਿਤ ਜ਼ਰਫ਼(ਜਲੰਧਰ), ਲਾਈਫ ਟਾਈਮ ਅਚੀਵਮੈਂਟ ਪੁਰਸਕਾਰ ਅਤੇ ਸ਼੍ਰੀ ਕੁਲਦੀਪ ਸਿੰਘ ਅਰਸ਼ੀ ਤੀਜੇ ਰਾਹ ਦਸੇਰਾ ਯਾਦਗਾਰੀ ਪੁਰਸਕਾਰ ਨਾਲ ਸਵਰਗੀ ਸ਼੍ਰੀ ਪ੍ਰਿਥੀਪਾਲ ਸਿੰਘ ਅਠੌਲਾ ਜੀ (ਬਾਬਾ ਬਕਾਲਾ ਸਾਹਿਬ) ਨੂੰ ਸਨਮਾਨਿਤ ਕੀਤਾ ਜਾਵੇਗਾ। ਸਭਾ ਵਲੋਂ ਨੌਜਵਾਨ ਸਾਹਿਤਕਾਰ ਜੋਬਨਰੂਪ ਛੀਨਾ, ਪੱਤਰਕਾਰ ਗੁਰਦੀਪ ਨਾਗੀ, ਸਾਹਿਤਕਾਰ ਦਲੇਰ ਸਿੰਘ ਦਲੇਰ, ਵਾਤਾਵਰਨ ਪ੍ਰੇਮੀ ਅਵਤਾਰ ਸਿੰਘ ਘੁੱਲਾ, ਪ੍ਰੋਫੈਸਰ ਰਵੀ ਕਾਂਤ ਜੀ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ।